SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 82 | Wednesday, April 26, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਕੰਮ ਜ਼ਿਆਦਾ ਤੇ ਤਨਖਾਹ ਘੱਟ ਹੋਣ ਕਾਰਨ ਫਲਾਈਟ ਅਟੈਂਡੈਂਟਸ ਨੇ ਕੀਤੀ ਰੈਲੀ




ਓਟਵਾ, 25 ਅਪਰੈਲ (ਪੋਸਟ ਬਿਊਰੋ) : ਕੈਨੇਡਾ ਭਰ ਦੇ ਫਲਾਈਟ ਅਟੈਂਡੈਂਟਸ ਨੇ ਮੰਗਲਵਾਰ ਨੂੰ ਕੀਤੀ ਗਈ ਰੈਲੀ ਵਿੱਚ ਹਿੱਸਾ ਲਿਆ। ਇਨ੍ਹਾਂ ਫਲਾਈਟ ਅਟੈਂਡੈਂਟਸ ਦੀ ਮੰਗ ਹੈ ਕਿ ਉਨ੍ਹਾਂ ਨੂੰ ਵੀ ਉਸ ਸਮੇਂ ਪੈਸੇ ਦਿੱਤੇ ਜਾਣ ਜਦੋਂ ਉਹ ਕੰਮ ਉੱਤੇ ਹੁੰਦੇ ਹਨ।

ਇੱਥੇ ਦੱਸਣਾ ਬਣਦਾ ਹੈ ਕਿ ਹੋਰਨਾਂ ਪ੍ਰੋਫੈਸ਼ਨਜ਼ ਤੋਂ ਉਲਟ ਫਲਾਈਟ ਅਟੈਂਡੈਂਟਸ ਨੂੰ ਉਸ ਸਮੇਂ ਪੈਸੇ ਨਹੀਂ ਮਿਲਦੇ ਜਦੋਂ ਉਹ ਆਪਣੀ ਸ਼ਿਫਟ ਸ਼ੁਰੂ ਕਰਦੇ ਹਨ ਸਗੋਂ ਉਨ੍ਹਾਂ ਨੂੰ ਉਸ ਸਮੇਂ ਤੋਂ ਪੈਸੇ ਦਿੱਤੇ ਜਾਂਦੇ ਹਨ ਜਦੋਂ ਜਹਾਜ਼ ਉਡਾਨ ਭਰਨ ਦੀ ਤਿਆਰੀ ਕਰ ਰਿਹਾ ਹੁੰਦਾ ਹੈ ਤੇ ਹਵਾਈ ਸਫਰ ਤੋਂ ਬਾਅਦ ਜਦੋਂ ਆਪਣੀ ਮੰਜ਼ਿਲ ਤੱਕ ਪਹੁੰਚਦਾ ਹੈ। ਫਲਾਈਟ ਅਟੈਂਡੈਂਟਸ ਦੀ ਅਗਵਾਈ ਕਰ ਰਹੀ ਯੂਨੀਅਨ ਦਾ ਕਹਿਣਾ ਹੈ ਕਿ ਉਹ ਲੱਗਭਗ ਇੱਕ ਹਫਤਾ ਹਰ ਮਹੀਨੇ ਬਿਨਾਂ ਤਨਖਾਹ ਤੋਂ ਗੁਜ਼ਾਰਦੇ ਹਨ।

ਕਿਊਪ ਲੋਕਲ 4055 ਦੀ ਪ੍ਰੈਜ਼ੀਡੈਂਟ ਦੇ ਫਲਾਈਟ ਅਟੈਂਡੈਂਟ ਰੇਨਾ ਕਿਸਫਾਲਵੀ ਨੇ ਆਖਿਆ ਕਿ ਜਦੋਂ ਉਹ ਕੰਮ ਤੋਂ ਪਹਿਲਾਂ ਰਿਪੋਰਟ ਕਰਦੇ ਹਨ, ਜਿਵੇਂ ਸਵੇਰੇ 8:00 ਵਜੇ ਉਨ੍ਹਾਂ ਦਾ ਰਿਪੋਰਟ ਟਾਈਮ ਹੋਵੇ, ਉਹ ਫਲਾਈਟ ਤੋਂ ਪਹਿਲਾਂ ਬ੍ਰੀਫਿੰਗ ਕਰ ਰਹੀ ਹੋਵੇ, ਹੋਰ ਸੇਫਟੀ ਚੈੱਕ ਕਰ ਰਹੀ ਹੋਵੇ, ਕੇਟਰਿੰਗ ਦੀ ਤਿਆਰੀ ਕਰ ਰਹੀ ਹੋਵੇ, ਉਸ ਲਈ ਉਨ੍ਹਾਂ ਨੂੰ ਕੋਈ ਪੈਸੇ ਨਹੀਂ ਮਿਲਦੇ। ਜਦੋਂ ਜਹਾਜ਼ ਲੈਂਡ ਕਰ ਜਾਂਦਾ ਹੈ ਤੇ ਯਾਤਰੀ ਜਹਾਜ਼ ਵਿੱਚੋਂ ਉਤਰ ਰਹੇ ਹੁੰਦੇ ਹਨ ਉਨ੍ਹਾਂ ਨੂੰ ਉਸ ਸਮੇਂ ਦੇ ਪੈਸੇ ਵੀ ਨਹੀਂ ਮਿਲਦੇ। ਜੇ ਕੋਈ ਮੈਡੀਕਲ ਸਮੱਸਿਆ ਹੋ ਜਾਵੇ ਤੇ ਉਨ੍ਹਾਂ ਨੂੰ ਮਦਦ ਲਈ ਉੱਥੇ ਹੀ ਰੁਕਣਾ ਹੋਵੇ ਤਾਂ ਉਨ੍ਹਾਂ ਨੂੰ ਉਸ ਦੇ ਵੀ ਪੈਸੇ ਨਹੀਂ ਮਿਲਦੇ। ...ਬਾਕੀ ਪੰਨਾ 3 'ਤੇ

## ਪੁਲਿਸ ਰੰਗਰੂਟਾਂ ਲਈ ਪੋਸਟ ਸੈਕੰਡਰੀ ਸਿੱਖਿਆ ਦੀ ਸ਼ਰਤ ਨੂੰ ਖ਼ਤਮ ਕਰੇਗੀ ਫੋਰਡ ਸਰਕਾਰ



ਓਨਟਾਰੀਓ, 25 ਅਪਰੈਲ (ਪੋਸਟ ਬਿਊਰੋ) : ਓਨਟਾਰੀਓ ਵਿੱਚ ਪੁਲਿਸ ਰਕਰੂਟਮੈਂਟ ਨੂੰ ਹੱਲਾਸ਼ੇਰੀ ਦੇਣ ਲਈ ਫੋਰਡ ਸਰਕਾਰ ਵੱਲੋਂ ਨਵੀਂ ਰਣਨੀਤੀ ਦਾ ਐਲਾਨ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਨਵੇਂ ਰੰਗਰੂਟਾਂ ਲਈ ਲਾਗਤ ਘਟਾਉਣ ਦਾ ਫੈਸਲਾ ਕੀਤਾ ਗਿਆ ਹੈ ਤੇ ਨਵੇਂ ਬਿੱਲ ਵਿੱਚ ਇਸ ਕੰਮ ਲਈ ਸਿੱਖਿਆ ਸਬੰਧੀ ਯੋਗਤਾ ਨੂੰ ਵੀ ਘਟਾਉਣ ਦਾ ਫੈਸਲਾ ਕੀਤਾ ਗਿਆ ਹੈ।

ਪ੍ਰੀਮੀਅਰ ਡੱਗ ਫੋਰਡ ਨੇ ਆਖਿਆ ਕਿ ਉਨ੍ਹਾਂ ਦੀ ਸਰਕਾਰ ਅਜਿਹਾ ਬਿੱਲ ਲਿਆਵੇਗੀ ਜਿਸ ਵਿੱਚ ਪੁਲਿਸ ਰੰਗਰੂਟਾਂ ਲਈ ਪੋਸਟ ਸੈਕੰਡਰੀ ਸਿੱਖਿਆ ਦੀ ਸ਼ਰਤ ਨੂੰ ਖ਼ਤਮ ਕੀਤਾ ਜਾਵੇਗਾ। ਜਿਸ ਤੋਂ ਭਾਵ ਹੈ ਕਿ ਪੁਲਿਸ ਵਿੱਚ ਭਰਤੀ ਹੋਣ ਲਈ ਸਿਰਫ ਹਾਈ ਸਕੂਲ ਡਿਪਲੋਮਾ ਹੀ ਕਾਫੀ ਹੋਵੇਗਾ। ਮੰਗਲਵਾਰ ਸਵੇਰੇ ਇਟੋਬੀਕੋ ਵਿੱਚ ਟੋਰਾਂਟੋ ਪੁਲਿਸ ਕਾਲਜ ਤੋਂ ਗੱਲ ਕਰਦਿਆਂ ਫੋਰਡ ਨੇ ਆਖਿਆ ਕਿ ਟੋਰਾਂਟੋ ਵਿੱਚ ਪਿਛਲੇ ਸਾਲ ਇਸੇ ਅਰਸੇ ਦੇ ਮੁਕਾਬਲੇ ਇਸ ਸਮੇਂ ਜੁਰਮ 20 ਫੀ ਸਦੀ ਤੋਂ ਵੀ ਜ਼ਿਆਦਾ ਵੱਧ ਚੁੱਕਿਆ ਹੈ। ਲੋਕ ਖੁਦ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਦੇ।

ਸਾਨੂੰ ਆਪਣੇ ਆਲੇ ਦੁਆਲੇ ਹੋਰ ਪੁਲਿਸ ਅਧਿਕਾਰੀਆਂ ਦੀ ਲੋੜ ਹੈ। ਨਵੇਂ ਬਿੱਲ ਨਾਲ ਕਮਿਊਨਿਟੀ ਸੇਫਟੀ ਐਂਡ ਪੁਲਿਸਿੰਗ ਐਕਟ (ਸੀਐਸਪੀਏ) ਵਿੱਚ ਸੋਧ ਕੀਤੀ ਜਾਵੇਗੀ ਤਾਂ ਕਿ ਪੁਲਿਸ ਅਧਿਕਾਰੀ ਬਣਨ ਲਈ ਸੈਕੰਡਰੀ ਸਕੂਲ ਡਿਪਲੋਮਾ ਹੀ ਕਾਫੀ ਹੋਵੇ। ਇਸ ਤੋਂ ਇਲਾਵਾ ਪ੍ਰੋਵਿੰਸ ਓਨਟਾਰੀਓ ਪੁਲਿਸ ਕਾਲਜ ਵਿਖੇ 12 ਹਫਤਿਆਂ ਦੀ ਬੇਸਿਕ ਕਾਂਸਟੇਬਲ ਟਰੇਨਿੰਗ ਪ੍ਰੋਗਰਾਮ ਲਈ ਟਿਊਸ਼ਨ ਫੀਸ ਖ਼ਤਮ ਕਰਨ ਉੱਤੇ ਵੀ ਕੰਮ ਕਰ ਰਹੀ ਹੈ। ਟਿਊਸ਼ਨ ਫੀਸ ਖ਼ਤਮ ਕਰਨ ਦਾ ਫੈਸਲਾ 2023 ਦੇ ਸ਼ੁਰੂ ਤੋਂ ਹੀ ਲਾਗੂ ਕੀਤਾ ਜਾਵੇਗਾ। ਪ੍ਰੋਵਿੰਸ ਦਾ ਕਹਿਣਾ ਹੈ ਕਿ ਇਸ ਸਾਲ ਜਿਹੜੇ ਰੰਗਰੂਟ ਇਹ ਫੀਸ ਅਦਾ ਕਰ ਚੁੱਕੇ ਹਨ ਉਨ੍ਹਾਂ ਦੀ ਇਹ ਫੀਸ ਮੋੜ ਦਿੱਤੀ ਜਾਵੇਗੀ।

## ਰਾਜਨੀਤੀ ਦੇ ਬਾਬਾ ਬੋਹੜ ਕਹੇ ਜਾਣ ਵਾਲੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨਹੀਂ ਰਹੇ



ਚੰਡੀਗੜ੍ਹ, 25 ਅਪ੍ਰੈਲ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ 95 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ। ਪ੍ਰਕਾਸ਼ ਸਿੰਘ ਬਾਦਲ ਨੂੰ ਮੋਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਉਨ੍ਹਾਂ ਦੀ ਹਾਲਤ ਕਾਫੀ ਨਾਜ਼ੁਕ ਸੀ ਅਤੇ ਆਈ.ਸੀ. ਯੂ ਵਿਚ ਰੱਖਿਆ ਗਿਆ ਸੀ।

ਕੁਝ ਦਿਨ ਪਹਿਲਾਂ ਪ੍ਰਕਾਸ਼ ਸਿੰਘ ਨੇ ਬਾਦਲ ਨੂੰ ਸਾਹ ਲੈਣ ਵਿੱਚ ਤਕਲੀਫ ਅਤੇ ਲੰਗਸ ਵਿੱਚ ਇਨਫੈਕਸ਼ਨ ਦੇ ਚੱਲਦੇ ਫੋਰਟਿਸ ਹਸਪਤਾਲ ਵਿੱਚ ਜ਼ੇਰੇ ਇਲਾਜ ਸਨ, ਉਨ੍ਹਾਂ ਦੀ ਹਾਲਤ ਲਗਾਤਾਰ ਵਿਗੜ ਰਹੀ ਸੀ। ਜਿਸਦੇ ਚੱਲਦਿਆਂ ਉਨ੍ਹਾਂ ਨੂੰ ਆਈ.ਸੀ. ਯੂ ਵਿੱਚ ਸ਼ਿਫਟ ਕਰ ਦਿੱਤਾ ਗਿਆ ਸੀ। ਭਾਰਤ ਦੀ ਸਿਆਸਤ ਵਿੱਚ ਪ੍ਰਕਾਸ਼ ਸਿੰਘ ਬਾਦਲ ਦੇ ਵੱਡੇ ਕੱਦ ਵਾਲੇ ਖੇਤਰੀ ਆਗੂਆਂ ਵਿੱਚ ਸ਼ੁਮਾਰ ਸਨ। ਪ੍ਰਕਾਸ਼ ਸਿੰਘ ਬਾਦਲ ਪੰਜਾਬ ਦੇ 5 ਵਾਰ ਮੁੱਖ ਮੰਤਰੀ ਰਹੇ ਅਤੇ 1996 ਤੋਂ 2008 ਤੱਕ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਪਾਰਟੀ ਦੀ ਅਗਵਾਈ ਦੀ ਕੀਤੀ . 1970 ਵਿੱਚ ਪ੍ਰਕਾਸ਼ ਸਿੰਘ ਬਾਦਲ 43 ਸਾਲ ਦੀ ਉਮਰ ਵਿੱਚ ਪਹਿਲੀ ਵਾਰ ਕਿਸੇ ਭਾਰਤੀ ਸੂਬੇ ਦੇ ਮੁੱਖ ਮੰਤਰੀ ਬਣਨ ਵਾਲੇ ਸਭ ਤੋਂ ਛੋਟੀ ਉਮਰ ਦੇ ਆਗੂ ਸਨ।

ਇਸਦੇ ਨਾਲ ਹੀ 1979 ਤੋਂ 1980 ਦੌਰਾਨ ਉਹ ਕੇਂਦਰ ਵਿੱਚ ਚੌਧਰੀ ਚਰਨ ਸਿੰਘ ਦੀ ਅਗਵਾਈ ਵਾਲੀ ਸਰਕਾਰ ਵਿੱਚ ਖੇਤੀਬਾੜੀ ਮੰਤਰੀ ਬਣਾਇਆ ਗਿਆ, ਪਰ ਇਸਤੋਂ ਬਾਅਦ ਉਨ੍ਹਾਂ ਪੂਰਾ ਧਿਆਨ ਪੰਜਾਬ ਦੀ ਸਿਆਸਤ ਉੱਤੇ ਕ੍ਰੇਂਦਿਤ ਕੀਤਾ। ਇਸਤੋਂ ਬਾਅਦ ਪ੍ਰਕਾਸ਼ ਸਿੰਘ ਬਾਦਲ ਭਾਜਪਾ ਨਾਲ ਗਠਜੋੜ ਕਰਕੇ ਸੱਤਾ ਹਾਸਲ ਕੀਤੀ। ਵਿਰੋਧੀ ਪਾਰਟੀਆਂ ਵੀ ਉਨ੍ਹਾਂ ਦੀ ਠਰ੍ਹਮੇ ਤੇ ਗਹਿਰਾਈ ਵਾਲੀ ਸਿਆਸਤ ਦੇ ਕਾਇਲ ਸਨ। ...ਬਾਕੀ ਪੰਨਾ 3 'ਤੇ

## ਦੋ ਗੱਡੀਆਂ ਦੀ ਟੱਕਰ ਵਿੱਚ ਦੋ ਜ਼ਖ਼ਮੀ

ਟੋਰਾਂਟੋ, 25 ਅਪਰੈਲ (ਪੋਸਟ ਬਿਊਰੋ) : ਮੰਗਲਵਾਰ ਦੁਪਹਿਰ ਨੂੰ ਨੌਰਥ ਯੌਰਕ ਵਿੱਚ ਦੋ ਗੱਡੀਆਂ ਦੀ ਹੋਈ ਟੱਕਰ ਵਿੱਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਸ਼ਾਮੀਂ 5:00 ਵਜੇ ਤੋਂ ਪਹਿਲਾਂ ਇਹ ਹਾਦਸਾ ਡੌਨ ਮਿੱਲਜ਼ ਰੋਡਜ਼ ਤੇ ਯੌਰਕ ਮਿੱਲਜ਼ ਰੋਡ ਦੇ ਇੰਟਰਸੈਕਸ਼ਨ ਉੱਤੇ ਵਾਪਰਿਆ। ਪੈਰਾਮੈਡਿਕਸ ਵੱਲੋਂ ਦੋ ਮਰੀਜ਼ਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਤੇ ਇੱਕ ਨੂੰ ਮਾਮੂਲੀ ਸੱਟਾਂ ਲੱਗੀਆਂ ਦੱਸੀਆਂ ਜਾਂਦੀਆਂ ਹਨ। ਮਾਮਲੇ ਦੀ ਜਾਂਚ ਚੱਲ ਰਹੀ ਹੈ। ਅਜੇ ਤੱਕ ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

BASEMENT DEAL
$3199
FREE DELIVERY
DELIVERY INCLUDED WITHIN GTA
SPRING SALE MEGA SAVING
$1499
$4649
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫੀਮੇਲ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਰਾਜਨੀਤੀ ਦੇ ਬਾਬਾ ਬੋਹੜ ਕਹੇ ਜਾਣ ਵਾਲੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨਹੀਂ ਰਹੇ

ਪੰਨਾ 1 ਦਾ ਬਾਕੀ

ਪ੍ਰਕਾਸ਼ ਸਿੰਘ ਬਾਦਲ ਦਾ ਜਨਮ ਪੰਜਾਬ ਦੇ ਬਠਿੰਡਾ ਜ਼ਿਲ੍ਹੇ ਦੇ ਪਿੰਡ ਅਬੁਲ-ਖੁਰਾਣਾ ਵਿੱਚ 8 ਦਸੰਬਰ 1927 ਨੂੰ ਹੋਇਆ ਸੀ। ਉਨ੍ਹਾਂ ਦੀ ਮਾਤਾ ਦਾ ਨਾਂ ਸੁੰਦਰੀ ਕੌਰ ਅਤੇ ਪਿਤਾ ਦਾ ਨਾਂ ਰਘੂਰਾਜ ਸਿੰਘ ਸੀ। ਪ੍ਰਕਾਸ਼ ਸਿੰਘ ਬਾਦਲ ਨੇ ਆਪਣੀ ਮੁੱਢਲੀ ਸਿੱਖਿਆ ਸਥਾਨਕ ਅਧਿਆਪਕ ਤੋਂ ਪ੍ਰਾਪਤ ਕੀਤੀ ਅਤੇਇਸਤੋਂ ਬਾਅਦ ਲੰਬੀ ਦੇ ਸਕੂਲ ਵਿੱਚ ਪੜਾਈ ਕੀਤੀ ਅਤੇ ਹਾਈ ਸਕੂਲ ਦੀ ਪੜ੍ਹਾਈ ਫਿਰੋਜ਼ਪੁਰ ਦੇ ਮਨੋਹਰ ਲਾਲ ਮੈਮੋਰੀਅਲ ਹਾਈ ਸਕੂਲ ਵਿੱਚ ਕੀਤੀ।

ਉਨ੍ਹਾਂ ਨੇ ਕਾਲਜ ਦੀ ਪੜ੍ਹਾਈ ਸਿੱਖ ਕਾਲਜ ਲਾਹੌਰ ਤੋਂ ਪ੍ਰਾਪਤ ਕੀਤੀ, ਇਸਤੋਂ ਬਾਅਦ ਪ੍ਰਕਾਸ਼ ਸਿੰਘ ਬਾਦਲ ਨੇ ਮਾਈਗ੍ਰੇਸ਼ਨ ਲੈ ਕੇ ਫੋਰਮਨ ਕ੍ਰਿਸ਼ਚੀਅਨ ਕਾਲਜ ਵਿਚ ਦਾਖਲਾ ਲਿਆ ਅਤੇ ਗਰੈਜੂਏਸ਼ਨ ਦੀ ਡਿਗਰੀ ਹਾਸਲ ਕੀਤੀ।

ਪ੍ਰਕਾਸ਼ ਸਿੰਘ ਬਾਦਲ ਨੇ ਆਪਣਾ ਸਿਆਸੀ ਸਫ਼ਰ 1947 ਤੋਂ ਸ਼ੁਰੂ ਹੋਇਆ । ਪ੍ਰਕਾਸ਼ ਸਿੰਘ ਬਾਦਲ ਆਪਣੇ ਪਿਤਾ ਰਘੂਰਾਜ ਸਿੰਘ ਵਾਂਗ ਬਾਦਲ ਪਿੰਡ ਦੇ ਸਰਪੰਚ ਬਣੇ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਲੰਬੀ ਬਲਾਕ ਸਮਿਤੀ ਦੇ ਚੇਅਰਮੈਨ ਵਜੋਂ ਨਿਯੁਕਤ ਕੀਤਾ ਗਿਆ ਸੀ . ਇਸਦੇ ਨਾਲ ਹੀ 1956 ਵਿੱਚ ਪੈਪਸੂ ਸਟੇਟ ਪੰਜਾਬ ਵਿੱਚ ਸ਼ਾਮਲ ਹੋਈ ਤਾਂ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਮਿਲ ਕੇ ਚੋਣਾਂ ਲੜੀਆਂ।

ਪ੍ਰਕਾਸ਼ ਸਿੰਘ ਬਾਦਲ 1957 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਦੀ ਟਿਕਟ ‘ਤੇ ਚੋਣ ਲੜੀ ਅਤੇ ਪਹਿਲੀ ਵਾਰ ਵਿਧਾਇਕ ਚੁਣੇ ਗਏ । 1997 ਵਿੱਚ ਮੁਲਕ ਦੀਆਂ ਖੇਤਰੀ ਪਾਰਟੀਆਂ ਨੇ ਕਾਂਗਰਸ ਦਾ ਸਮਰਥਨ ਲੈ ਕੇ ਐਚ. ਡੀ. ਦੇਵਗੋੜਾ ਦੀ ਅਗਵਾਈ ਵਿੱਚ ਸਰਕਾਰ ਬਣਾਈ ਤਾਂ ਪ੍ਰਕਾਸ਼ ਸਿੰਘ ਬਾਦਲ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੇ ਐੱਨਡੀਏ ਦੇ ਹੱਕ ਵਿੱਚ ਭੁਗਤ ਗਏ।

ਪ੍ਰਕਾਸ਼ ਸਿੰਘ ਬਾਦਲ ਪੰਜਾਬੀ ਸੂਬੇ ਮੋਰਚੇ ਤੋਂ ਲੈ ਕੇ ਧਰਮਯੁੱਧ ਮੋਰਚੇ ਤੱਕ ਅਤੇ ਪੰਜਾਬ ਵਿੱਚ ਸੱਤਾ ਦੀ ਲੜਾਈ ਲਈ ਉਨ੍ਹਾਂ ਨੂੰ ਹਮੇਸ਼ਾ ਕਾਂਗਰਸ ਨਾਲ ਟੱਕਰ ਲੈਣੀ ਪਈ। ਉਨ੍ਹਾਂ ਨੇ 1969-70 ਦੀਆਂ ਮੱਧਵਰਤੀ ਚੋਣਾਂ ਅਕਾਲੀ ਦਲ ਦੀ ਟਿਕਟ ‘ਤੇ ਲੜੀਆਂ ਅਤੇ ਉਹ ਪਹਿਲੀ ਵਾਰ ਬਣੀ ਪੰਜਾਬ ਦੀ ਗੈਰ-ਕਾਂਗਰਸੀ ਸਰਕਾਰ ਵਿੱਚ ਮੰਤਰੀ ਬਣੇ।

ਇਸਤੋਂ ਬਾਅਦ ਭਾਰਤੀ ਜਨਤਾ ਪਾਰਟੀ ਦੇ ਸਹਿਯੋਗ ਨਾਲ ਜਸਟਿਸ ਗੁਰਨਾਮ ਸਿੰਘ ਦੀ ਸਰਕਾਰ ਵਿੱਚ ਵੀ ਪ੍ਰਕਾਸ਼ ਸਿੰਘ ਬਾਦਲ ਵਿਕਾਸ ਵਿਭਾਗ ਦੇ ਮੰਤਰੀ ਰਹੇ ।1970 ਵਿੱਚ ਹੀ ਰਾਜ ਸਭਾ ਚੋਣਾਂ ਦੌਰਾਨ ਅਕਾਲੀ ਉਮੀਦਵਾਰ ਦੀ ਹਾਰ ਕਾਰਨ ਤਤਕਾਲੀ ਅਕਾਲੀ ਦਲ ਦੇ ਪ੍ਰਧਾਨ ਸੰਤ ਫਤਿਹ ਸਿੰਘ ਨੇ ਜਸਟਿਸ ਗੁਰਨਾਮ ਸਿੰਘ ਨੂੰ ਅਹੁਦੇ ਤੋਂ ਹਟਾ ਕੇ ਪ੍ਰਕਾਸ਼ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਇਆ ਗਿਆ . ਇਸ ਤੋਂ ਬਾਅਦ 1969 ਤੋਂ ਲੈ ਕੇ ਮੌਜੂਦਾ ਸਮੇਂ ਤੱਕ ਉਹ ਲੰਬੀ ਤੋਂ ਕਦੇ ਵੀ ਚੋਣ ਨਹੀਂ ਹਾਰੇ ਸਨ, ਪਰ 2022 ਵਿੱਚ ਉਨ੍ਹਾਂ ਨੂੰ ਲੰਬੀ ਤੋਂ ਹਾਰ ਮਿਲੀ . ਜਿੱਥੇ ਆਮ ਆਦਮੀ ਪਾਰਟੀ ਨੇ ਜਿੱਤ ਦਰਜ ਕੀਤੀ।

1977 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਜਨਤਾ ਪਾਰਟੀ ਨੇ ਮਿਲ ਕੇ ਸਰਕਾਰ ਬਣਾਈ ਅਤੇ ਪ੍ਰਕਾਸ਼ ਸਿੰਘ ਬਾਦਲ ਦੂਜੀ ਵਾਰ ਪੰਜਾਬ ਦੇ ਮੁੱਖ ਮੰਤਰੀ ਬਣੇ। ਇਸ ਵਾਰ ਪ੍ਰਕਾਸ਼ ਸਿੰਘ ਬਾਦਲ 1977 ਤੋਂ 1980 ਤੱਕ ਸੱਤਾ ‘ਤੇ ਕਾਬਜ ਰਹੇ। ਇਸਦੇ ਨਾਲ ਹੀ 1997 ਤੋਂ 2002 ਤੱਕ ਤੀਜੀ ਵਾਰ ਪੰਜਾਬ ਦੇ ਮੁੱਖ ਮੰਤਰੀ ਬਣੇ ਅਤੇ ਪਹਿਲੀ ਵਾਰ 5 ਸਾਲ ਸੂਬੇ ‘ਤੇ ਰਾਜ ਕੀਤਾ। ਇਸਤੋਂ ਬਾਅਦ ਪ੍ਰਕਾਸ਼ ਸਿੰਘ ਬਾਦਲ ਨੇ 2007-2012 ਅਤੇ 2012 ਤੋਂ 2017 ਵਿੱਚ ਲਗਾਤਾਰ ਦੋ ਵਾਰ ਮੁੱਖ ਮੰਤਰੀ ਬਣ ਕੇ ਪੰਜਾਬ ਦਾ ਨਵਾਂ ਸਿਆਸੀ ਰਿਕਾਰਡ ਬਣਾਇਆ।

## ਅੱਜ ਨਾਮਾ

ਬਾਇਡਨ ਬੁੱਢਾ ਨਾ ਜਾਪਦਾ ਫੁੱਲ ਹੋਇਆ,
ਲੱਗਿਆ ਚੋਣ ਉਹ ਫੇਰ ਆ ਲੜਨ ਮੀਆਂ।
ਓਧਰ ਕਹਿੰਦਾ ਟਰੰਪ ਪਿਆ ਲਉਂ ਟੱਕਰ,
ਲੱਗਾ ਆਣ ਕੇ ਮੂਹਰੇ ਉਹਅੜਨ ਮੀਆਂ।
ਬੇਲੀ ਬਾਇਡਨ ਦੇ ਮਸ਼ਕਰੀ ਕਰਨ ਰੁੱਝੇ,
ਕਹਿੰਦੇ, ਦੇਣਾ ਟਰੰਪ ਨਹੀਂ ਖੜਨ ਮੀਆਂ।
ਲੜੀ ਕੇਸਾਂ ਦੀ ਬੱਝ ਰਹੀ ਜਿਵੇਂ ਦਿੱਸਦੀ,
ਚਿੱਟੇ ਹਾਊਸ ਹੀ ਦੇਣਾ ਨਾ ਵੜਨ ਮੀਆਂ।
ਭਾਰਤ ਵਰਗੀ ਅਮਰੀਕਾ ਦੀ ਰਾਜਨੀਤੀ,
ਅੱਜਕੱਲ੍ਹ ਜਾਪਦੀ ਸਾਫ ਹੈ ਹੋਈ ਮੀਆਂ।
ਚੱਲਦੀ ਜਿੰਨੀ ਸਿਆਸਤ ਦੀ ਬੇਈਮਾਨੀ,
ਪਰਦੇ ਵਿੱਚ ਨਹੀਂ ਜਾਏ ਲੁਕੋਈ ਮੀਆਂ।

**ਤੀਸ ਮਾਰ ਖਾਂ**

## ਬਲੂਅਰ-ਯੰਗ ਸਟੇਸ਼ਨ ਦੇ ਟਰੈਕਸ ਉੱਤੇ ਧਮਾਕੇ ਤੋਂ ਬਾਅਦ ਲੱਗੀ ਅੱਗ

ਟੋਰਾਂਟੋ, 25 ਅਪਰੈਲ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਬਲੂਅਰ ਯੰਗ ਸਟੇਸ਼ਨ ਦੇ ਸਬਵੇਅ ਟਰੈਕ ਉੱਤੇ ਧਮਾਕੇ ਤੋਂ ਬਾਅਦ ਅੱਗ ਲੱਗ ਜਾਣ ਕਾਰਨ ਟਰਾਂਜ਼ਿਟ ਰਾਈਡਰਜ਼ ਬੌਂਦਲ ਗਏ ਤੇ ਉਨ੍ਹਾਂ ਵਿੱਚ ਘਬਰਾਹਟ ਵੀ ਪਾਈ ਗਈ।



ਮੰਗਲਵਾਰ ਨੂੰ ਸਵੇਰੇ 10:00 ਵਜੇ ਦੇ ਨੇੜੇ ਤੇੜੇ ਲਾਈਨ 1 ਪਲੇਟਫਾਰਮ ਦੇ ਉੱਤਰ ਵੱਲ ਸਥਿਤ ਦੱਖਣ ਨੂੰ ਜਾਂਦੇ ਟਰੈਕਸ ਉੱਤੇ ਧਮਾਕੇ ਤੋਂ ਬਾਅਦ ਅੱਗ ਲੱਗ ਗਈ। ਘਟਨਾ ਦੀ ਹਾਸਲ ਹੋਈ ਵੀਡੀਓ ਵਿੱਚ ਨਜ਼ਰ ਆ ਰਿਹਾ ਹੈ ਕਿ ਟੀਟੀਸੀ ਸਟੇਸ਼ਨ ਲੋਕਾਂ ਨਾਲ ਭਰਿਆ ਪਿਆ ਹੈ ਤੇ ਫਿਰ ਅਚਾਨਕ ਟਰੈਕ ਤੋਂ ਅੱਗ ਦੀਆਂ ਲਪਟਾਂ ਨਜ਼ਰ ਆਈਆਂ। ਚਸ਼ਮਦੀਦਾਂ ਨੇ ਦੱਸਿਆ ਕਿ ਕੁੱਝ ਸਮੇਂ ਬਾਅਦ ਹੀ ਸਟੇਸ਼ਨ ਨੂੰ ਖਾਲੀ ਕਰਵਾ ਲਿਆ ਗਿਆ।

ਟੋਰਾਂਟੋ ਫਾਇਰ ਵੱਲੋਂ ਅੱਗ ਉੱਤੇ ਕਾਬੂ ਪਾ ਲਿਆ ਗਿਆ ਤੇ ਟਰੈਕ ਟਨਲ ਤੋਂ ਧੂੰਆਂ ਵੀ ਕੱਢ ਦਿੱਤਾ ਗਿਆ।ਦੁਪਹਿਰੇ 4:15 ਵਜੇ ਟੀਟੀਸੀ ਨੇ ਟਵੀਟ ਕਰਕੇ ਆਖਿਆ ਕਿ ਦੋਵਾਂ ਲਾਈਨਾਂ ਉੱਤੇ ਸਰਵਿਸ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਗਈ ਹੈ।ਇੱਕ ਬੁਲਾਰੇ ਨੇ ਦੱਸਿਆ ਕਿ ਅੱਗ ਇਲੈਕਟ੍ਰੀਕਲ ਕੰਟਰੋਲ ਬਾਕਸ ਵਿੱਚ ਲੱਗੀ। ਜਿਸ ਸਮੇਂ ਕ੍ਰਿਊ ਘਟਨਾ ਵਾਲੀ ਥਾਂ ਉੱਤੇ ਪਹੁੰਚਿਆ ਤਾਂ ਉਸ ਨੇ ਇਸ ਕੰਟਰੋਲ ਬਾਕਸ ਦੀ ਪਾਵਰ ਹੀ ਕੱਟ ਦਿੱਤੀ। ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

## ਰਿਹਾਇਸ਼ੀ ਇਲਾਕੇ ਵਿੱਚ ਲੱਗੀ ਅੱਗ ਕਾਰਨ ਦੋ ਘਰ ਸੜੇ

ਸਕਾਰਬਰੋ, 25 ਅਪਰੈਲ (ਪੋਸਟ ਬਿਊਰੋ) : ਸੋਮਵਾਰ ਸ਼ਾਮ ਨੂੰ ਸਕਾਰਬਰੋ ਵਿੱਚ ਰਿਹਾਇਸ਼ੀ ਇਲਾਕੇ ਵਿੱਚ ਲੱਗੀ ਅੱਗ ਕਾਰਨ ਦੋ ਘਰ ਬੁਰੀ ਤਰ੍ਹਾਂ ਸੜ ਗਏ।

ਰਾਤੀਂ 9:30 ਵਜੇ ਤੋਂ ਬਾਅਦ ਮੌਰਨਿੰਗਸਾਈਡ ਤੇ ਫਿੰਚ ਐਵਨਿਊਜ਼ ਇਲਾਕੇ ਵਿੱਚ ਗ੍ਰਿਸਟੋਨ ਕ੍ਰੀਸੈਂਟ ਉੱਤੇ ਸਥਿਤ ਘਰਾਂ ਵਿੱਚ ਲੱਗੀ ਅੱਗ ਕਾਫੀ ਜ਼ਬਰਦਸਤ ਸੀ ਤੇ ਉਸ ਉੱਤੇ ਮੁਸ਼ਕਲ ਨਾਲ ਕਾਬੂ ਪਾਇਆ ਜਾ ਸਕਿਆ।ਪਰ ਅਜੇ ਵੀ ਫਾਇਰ ਫਾਈਟਰਜ਼ ਨੂੰ ਅੱਗ ਉੱਤੇ ਕਾਬੂ ਪਾਈ ਰੱਖਣ ਲਈ ਮਸ਼ੱਕਤ ਕਰਨੀ ਪੈ ਰਹੀ ਹੈ। ਇਹ ਧਿਆਨ ਰੱਖਣਾ ਪੈ ਰਿਹਾ ਹੈ ਕਿ ਅੱਗ ਮੁੜ ਨਾ ਸੁਲਗ ਜਾਵੇ। ਟੋਰਾਂਟੋ ਫਾਇਰ ਸਰਵਿਸਿਜ਼ ਵੱਲੋਂ ਇਸ ਦੀ ਪੁਸ਼ਟੀ ਕੀਤੀ ਗਈ। ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਟੋਰਾਂਟੋ ਪੁਲਿਸ ਨੇ ਟਵੀਟ ਕਰਕੇ ਦੱਸਿਆ ਕਿ ਉਨ੍ਹਾਂ ਨੂੰ ਇਹ ਰਿਪੋਰਟਾਂ ਮਿਲੀਆਂ ਹਨ ਕਿ ਅੱਗ ਵਧਣ ਤੋਂ ਪਹਿਲਾਂ ਹੀ ਰੈਜ਼ੀਡੈਂਟਸ ਵੱਲੋਂ ਘਰ ਖਾਲੀ ਕਰ ਦਿੱਤੇ ਗਏ।ਇਸ ਸਮੇਂ ਰੈਜ਼ੀਡੈਂਟਸ ਨੂੰ ਇਲਾਕੇ ਵਿੱਚ ਨਾ ਜਾਣ ਦੀ ਸਲਾਹ ਦਿੱਤੀ ਜਾ ਰਹੀ ਹੈ।

## ਫਲਾਈਟ ਅਟੈਂਡੈਂਟਸ ਨੇ ਕੀਤੀ ਰੈਲੀ

ਪੰਨਾ 1 ਦਾ ਬਾਕੀ

ਕਿਊਪ ਓਨਟਾਰੀਓ ਦੇ ਪ੍ਰੈਜ਼ੀਡੈਂਟ ਫਰੈੱਡ ਹਾਨ ਨੇ ਦੱਸਿਆ ਕਿ ਉਨ੍ਹਾਂ ਨੂੰ ਸੇਫਟੀ ਪ੍ਰੋਫੈਸ਼ਨਲਜ਼ ਵਜੋਂ ਸਾਲਾਨਾ ਟਰੇਨਿੰਗ ਲੈਣੀ ਪੈਂਦੀ ਹੈ। ਪਰ ਇਸ ਲਾਜ਼ਮੀ ਟਰੇਨਿੰਗ, ਜੋ ਕਿ ਕੁੱਲ ਮਿਲਾ ਕੇ ਤਿਮਾਹੀ ਬਣਦੀ ਹੈ, ਦੇ ਵੀ ਉਨ੍ਹਾਂ ਨੂੰ ਕੋਈ ਪੈਸੇ ਨਹੀਂ ਮਿਲਦੇ। ਕਿਸਫਾਲਵੀ ਨੇ ਆਖਿਆ ਕਿ ਫਲਾਈਟ ਅਟੈਂਡੈਂਟਸ ਨੂੰ ਪੈਸੈਂਜਰਜ਼ ਨੂੰ ਖਾਣ ਪੀਣ ਦਾ ਸਮਾਨ ਦੇਣ ਤੋਂ ਇਲਾਵਾ ਵੀ ਉਨ੍ਹਾਂ ਦੀ ਸਾਂਭ ਸੰਭਾਲ ਕਰਨੀ ਪੈਂਦੀ ਹੈ ਪਰ ਉਹ ਕਿਸੇ ਗਿਣਤੀ ਵਿੱਚ ਨਹੀਂ ਆਉਂਦੀ।

ਯੂਨੀਅਨ ਚਾਹੁੰਦੀ ਹੈ ਕਿ ਇਸ ਸਬੰਧੀ ਫੈਡਰਲ ਸਰਕਾਰ ਕੋਈ ਕਦਮ ਚੁੱਕੇ ਤੇ ਵੱਡੀਆਂ ਏਅਰਲਾਈਨਜ਼ ਵੀ ਇਸ ਪਾਸੇ ਕੰਮ ਕਰਨ। ਇਸ ਲਈ ਯੂਨੀਅਨ ਨੇ ਜਾਗਰੂਕਤਾ ਕੈਂਪੇਨ ਵੀ ਲਾਂਚ ਕੀਤੀ ਹੈ।






















# ਬਰੈਂਪਟਨ ਦੀਆਂ ਸੱਤ ਪ੍ਰਮੁੱਖ ਸੰਸਥਾਵਾਂ ਵੱਲੋਂ ਮਿਲ ਕੇ ਚਿੰਗੂਆਕੂਜ਼ੀ ਪਾਰਕ ਵਿੱਚ 16 ਜੁਲਾਈ ਨੂੰ ਕਰਾਇਆ ਜਾਏਗਾ 'ਰੱਨ ਐਂਡ ਵੱਕ' ਦਾ ਸ਼ਾਨਦਾਰ ਈਵੈਂਟ

* ਟੀਪੀਏਆਰ ਕਲੱਬ, ਗੁਰੂ ਗੋਬਿੰਦ ਸਿੰਘ ਚਿਲਡਰਨ ਫ਼ਾਊਂਡੇਸ਼ਨ, ਸਹਾਇਤਾ, ਐਨਲਾਈਟ ਕਿਡਜ਼, ਡਰੱਗ ਅਵੇਅਰਨੈੱਸ ਸੋਸਾਇਟੀ, ਪਿੰਗਲਵਾੜਾ ਤੇ ਤਰਕਸ਼ੀਲ ਸੋਸਾਇਟੀ ਲੈ ਰਹੀਆਂ ਨੇ ਹਿੱਸਾ






ਬਰੈਂਪਟਨ, (ਡਾ. ਝੰਡ) –ਬੱਚਿਆਂ ਦੀ ਪੜ੍ਹਾਈ ਲਈ ਸਹਾਇਤਾ ਦੇ ਕਾਰਜ ਵਿੱਚ ਸਰਗ਼ਰਮ ਸੰਸਥਾ 'ਐਨਲਾਈਟ ਕਿਡਜ਼ ਫ਼ਾਰ ਐਜੂਕੇਸ਼ਨ' ਦੇ ਦਫ਼ਤਰ ਵਿੱਚ ਲੰਘੇ ਸ਼ਨੀਵਾਰ 22 ਅਪ੍ਰੈਲ ਨੂੰ ਰੱਖੀ ਗਈ ਮੀਟਿੰਗ ਵਿਚ ਬਰੈਂਪਟਨ ਵਿੱਚ ਸਰਗ਼ਰਮ ਸੱਤ ਪ੍ਰਮੁੱਖ ਸੰਸਥਾਵਾਂ ਨੇ ਭਾਗ ਲਿਆ। ਇਨ੍ਹਾਂ ਸੰਸਥਾਵਾਂ ਟੀ.ਪੀ.ਏ.ਆਰ. ਕਲੱਬ, ਗੁਰੂ ਗੋਬਿੰਦ ਸਿੰਘ ਚਿਲਡਰਨ ਫਾਊਂਡੇਸ਼ਨ, ਐਨਲਾਈਟ ਕਿੱਡਜ਼ ਫ਼ਾਰ ਐਜੂਕੇਸ਼ਨ, ਡਰੱਜ ਅਵੇਅਰਨੈੱਸ ਸੋਸਾਇਟੀ, ਪਿੰਗਲਵਾੜਾ ਅਤੇ ਤਰਕਸ਼ੀਲ ਸੋਸਾਇਟੀ ਦੇ ਨੁਮਾਂਇੰਦੇ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਦਾ ਏਜੰਡਾ ਬਰੈਂਪਨਟਨ ਦੇ ਵਸਨੀਕਾਂ ਵਿਚ ਸਿਹਤ ਸਬੰਧੀ ਜਾਗਰੂਕਤਾ ਫ਼ੈਲਾਉਣ ਲਈ ਇੱਥੇ ਸਰਗ਼ਰਮ ਵੱਖ-ਵੱਖ ਜੱਥੇਬੰਦੀਆਂ ਵੱਲੋਂ ਮਿਲ ਕੇ ਕੰਮ ਕਰਨ ਅਤੇ ਇਸ ਮੰਤਵ ਲਈ ਬਰੈਂਪਟਨ ਵਿੱਚ ਇੱਕ ਵੱਡਾ ਈਵੈਂਟ ਆਯੋਜਿਤ ਕਰਨ ਬਾਰੇ ਸੀ।

ਆਪਸੀ ਵਿਚਾਰ-ਵਟਾਂਦਰੇ ਬਾਅਦ ਇਹ ਗੱਲ ਨਿੱਖਰ ਕੇ ਸਾਹਮਣੇ ਆਈ ਕਿ ਇੱਥੇ ਬਹੁਤ ਸਾਰੀਆਂ ਸੰਸਥਾਵਾਂ ਆਪੋ ਆਪਣੇ ਹਿਸਾਬ ਨਾਲ ਵਧੀਆ ਕੰਮ ਕਰ ਰਹੀਆਂ ਹਨ। ਉਹ ਵੱਖ-ਵੱਖ ਸਮੇਂ ਦੌੜਾਂ, ਖੇਡਾਂ, ਸਮਾਜਿਕ ਅਤੇ ਸੱਭਿਆਚਾਰਕ ਸਰਗ਼ਰਮੀਆਂ ਕਰਦੀਆਂ ਹਨ ਅਤੇ ਸਮਾਜ ਨੂੰ ਉਸਾਰੂ ਸੇਧ ਪ੍ਰਦਾਨ ਕਰਦੀਆਂ ਹਨ। ਪਰ ਕਿੰਨਾ ਚੰਗਾ ਹੋਵੇ ਜੇਕਰ ਸਾਲ ਵਿਚ ਇੱਕ ਜਾਂ ਦੋ ਵਾਰ ਕੋਈ ਸਾਂਝਾ ਪ੍ਰੋਗਰਾਮ ਉਲੀਕ ਕੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕੀਤਾ ਜਾਵੇ। ਇਸ ਵਿਚਾਰ ਤੇ ਸਰਬਸੰਮਤੀ ਨਾਲ ਸਹਿਮਤੀ ਪ੍ਰਗਟਾਉਂਦਿਆਂ ਹੋਇਆਂ ਹਾਜ਼ਰ ਮੈਂਬਰਾਂ ਵੱਲੋਂ ਫ਼ੈਸਲਾ ਕੀਤਾ ਗਿਆ ਕਿ ਇਨ੍ਹਾਂ ਸੱਤ ਸੱਸਥਾਵਾਂ ਵੱਲੋਂ ਮਿਲ ਕੇ 16 ਜੁਲਾਈ ਨੂੰ ਸਥਾਨਕ ਚਿੰਗੂਆਕੂਜ਼ੀ ਪਾਰਕ ਵਿਚ 'ਰੱਨ ਐਂਡ ਵਾਕ' ਦਾ ਸ਼ਾਨਦਾਰ ਗਰੈਂਡ ਈਵੈਂਟ ਕਰਵਾਇਆ ਜਾਏਗਾ ਜਿਸ ਵਿਚ ਹਿੱਸਾ ਲੈਣ ਲਈ ਸਮੂਹ ਬਰੈਂਪਟਨ-ਵਾਸੀਆਂ ਨੂੰ ਸੱਦਾ ਦਿੱਤਾ ਜਾਏਗਾ। ਇਸ ਪ੍ਰੋਗਰਾਮ ਸਬੰਧੀ ਹੋਰ ਵਿਸਥਾਰ ਆਉਂਦੇ ਦਿਨ੍ਹਾਂ ਵਿਚ ਅਖ਼ਬਾਰਾ, ਰੇਡੀਓ ਤੇ ਟੀ.ਵੀ. ਮਾਧਿਅਮ ਰਾਹੀਂ ਸਾਂਝਾ ਕੀਤਾ ਜਾਏਗਾ।

ਇਸ ਈਵੈਂਟ ਵਿੱਚ ਹਿੱਸਾ ਲੈਣ ਲਈ ਰਜਿਸਟ੍ਰੇਸ਼ਨ ਫ਼ੀਸ ਰੱਖੀ ਗਈ ਹੈ ਜੋ 18 ਸਾਲ ਜਾਂ ਇਸ ਤੋਂ ਵੱਡੇ ਬਾਲਗਾਂ ਲਈ 25 ਡਾਲਰ ਅਤੇ 10 ਤੋਂ 17 ਸਾਲ ਦੇ ਨੌਜੁਆਨਾਂ ਲਈ 10 ਡਾਲਰ ਹੈ। 10 ਸਾਲ ਤੋਂ ਛੋਟੇ ਬੱਚਿਆਂ ਅਤੇ ਵਿਕਲਾਂਗਾਂ ਲਈ ਇਹ ਰਜਿਸਟ੍ਰੇਸ਼ਨ ਫ਼ਰੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਟੀਪੀਏਆਰ ਕਲੱਬ ਦੇ ਚੇਅਰਪਰਨ ਸੰਧੂਰਾ ਸਿੰਘ ਬਰਾੜ (416-275-9337), ਐਨਲਾਈਟ ਕਿੱਡਜ਼ ਦੇ ਸੰਚਾਲਕ ਨਰਿੰਦਰਪਾਲ ਬੈਂਸ (647-893-3656), ਗੁਰੂ ਗੋਬਿੰਦ ਸਿੰਘ ਚਿਲਡਰਨ ਫ਼ਾਊਂਡੇਸ਼ਨ ਦੇ ਮੁੱਖ-ਸੇਵਾਦਾਰ ਪਰਮਜੀਤ ਸਿੰਘ ਢਿੱਲੋਂ (416-500-1124) ਜਾਂ ਟੀਪੀਏਆਰ ਦੇ ਸਰਗ਼ਰਮ ਮੈਂਬਰ ਮਨਜੀਤ ਨੌਟਾ (416-301-1968) ਕੋਲੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

# ਪੀਐੱਸਬੀ ਸੀਨੀਅਰਜ਼ ਕਲੱਬ ਨੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ 'ਸਿੱਖ ਹੈਰੀਟੇਜ ਡੇਅ'







ਬਰੈਂਪਟਨ, (ਡਾ. ਝੰਡ) –ਪੰਜਾਬ ਐਂਡ ਸਿੰਧ ਬੈਂਕ ਦੇ ਸਾਬਕਾ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸੰਸਥਾ 'ਪੀ.ਐੱਸ.ਬੀ. ਸੀਨੀਅਰਜ਼ ਕਲੱਬ' ਵੱਲੋਂ ਸਿੱਖ ਵਿਰਾਸਤ ਨਾਲ ਜੁੜਿਆ ਵਿਸਾਖੀ ਦਾ ਤਿਓਹਾਰ 'ਸਿੱਖ ਹੈਰੀਟੇਜ ਡੇਅ' ਵਜੋਂ ਲੰਘੇ ਸ਼ਨੀਵਾਰ 15 ਅਪ੍ਰੈਲ ਨੂੰ ਬਰੈਂਪਟਨ ਦੇ ਗੋਰ ਰੀਕਰੀਏਸ਼ਨ ਸੈਂਟਰ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿਚ 100 ਤੋਂ ਵਧੇਰੇ ਮੈਂਬਰਾਂ ਨੇ ਪਰਿਵਾਰਾਂ ਸਮੇਤ ਹਿੱਸਾ ਲਿਆ।

ਪ੍ਰੋਗਰਾਮ ਦਾ ਆਰੰਭ ਕਰਦਿਆਂ ਕਲੱਬ ਦੇ ਪ੍ਰਧਾਨ ਗੁਰਚਰਨ ਸਿੰਘ ਖੱਖ ਨੇ ਆਏ ਮੈਂਬਰਾਂ ਤੇ ਪਰਿਵਾਰਾਂ ਦਾ ਸੁਆਗ਼ਤ ਕੀਤਾ ਅਤੇ ਖਾਲਸੇ ਦੀ 1699 ਦੀ ਇਤਿਹਾਸਕ ਵਿਸਾਖੀ ਦਾ ਪਿਛੋਕੜ ਅਤੇ 'ਸਿੱਖ ਹੈਰੀਟੇਜ ਡੇਅ' ਮਨਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਹਾਜ਼ਰੀਨ ਨਾਲ ਸਾਂਝੀ ਕੀਤੀ। ਉਪਰੰਤ, ਪ੍ਰਸਿੱਧ ਗਾਇਕਾ ਗਲੋਰੀ ਗੁਲਿਆਨੀ, ਹਰਪ੍ਰੀਤ ਕੌਰ ਅਰੋੜਾ, ਗਾਇਕ ਦਲਬੀਰ ਸਿੰਘ ਕਾਲੜਾ, ਸਤਪਾਲ ਸਿੰਘ ਕੋਮਲ, ਸ਼੍ਰੀਮਾਨ ਤੇ ਸ਼੍ਰੀਮਤੀ ਬਰਜਿੰਦਰ ਸਿੰਘ ਮਰਵਾਹ ਨੇ ਸ਼ਬਦ ਅਤੇ ਧਾਰਮਿਕ ਗੀਤ ਗਾ ਕੇ ਸਰੋਤਿਆਂ ਦੀ ਖ਼ੂਬ 'ਵਾਹ-ਵਾਹ' ਖੱਟੀ। ਕਲੱਬ ਦੇ ਮੈਂਬਰਾਂ ਮਲੂਕ ਸਿੰਘ ਕਾਹਲੋਂ ਅਤੇ ਸੁਖਦੇਵ ਸਿੰਘ ਬੇਦੀ ਨੇ ਵਿਸਾਖੀ ਨਾਲ ਸਬੰਧਿਤ ਕਵਿਤਾਵਾਂ ਸੁਣਾਈਆਂ। ਬਰੈਂਪਟਨ ਦੇ ਉੱਘੇ ਕਵੀ ਤੇ ਗਾਇਕ ਪਰਮਜੀਤ ਸਿੰਘ ਢਿੱਲੋ ਨੇ ਕਵਿਤਾਵਾਂ ਅਤੇ ਗੀਤ ਗਾ ਕੇ ਸਾਰਿਆਂ ਦਾ ਮਨੋਰੰਜਨ ਕੀਤਾ।

ਇਸ ਦੌਰਾਨ ਸਿੱਖ ਪੰਥ ਦੇ ਉੱਘੇ ਵਿਦ-ਵਾਨ ਡਾ. ਗੁਲਜ਼ਾਰ ਸਿੰਘ ਨੇ ਇਤਿਹਾਸ ਵਿੱਚੋਂ ਉਦਾਹਰਨਾਂ ਦੇ ਕੇ ਸਿੱਖ ਵਿਰਾਸਤ ਅਤੇ ਸਿੱਖ ਵਿਚਾਰਧਾਰਾ ਉੱਪਰ ਰੌਸ਼ਨੀ ਪਾਈ। ਉਨ੍ਹਾਂ ਵੱਲੋਂ ਅਮੀਰ ਸਿੱਖ ਵਿਰਾ-ਸਤ ਨੂੰ ਸੰਭਾਲਣ 'ਤੇ ਜ਼ੋਰ ਦਿੱਤਾ ਗਿਆ ਅਤੇ ਉਨ੍ਹਾਂ ਦੇ ਵਿਚਾਰ ਸੁਣ ਕੇ ਸਾਰਿਆਂ ਨੇ ਬੜੀ ਖੁਸ਼ੀ ਅਤੇ ਉਤਸ਼ਾਹ ਦਾ ਇਜ਼ਹਾਰ ਕੀਤਾ। ਕਲੱਬ ਦੇ ਪ੍ਰਬੰਧਕ ਮਨਜੀਤ ਸਿੰਘ ਗਿੱਲ ਵੱਲੋ ਸੀ.ਪੀ.ਏ. ਅਧੀਨ ਸੀਨੀਅਰਜ਼ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਜਿਸ ਦੀ ਭਰਪੂਰ ਸ਼ਲਾਘਾ ਹੋਈ। ਚੱਲ ਰਹੇ ਇਸ ਸਮਾਗ਼ਮ ਦੌਰਾਨ ਫ਼ੈੱਡਰਲ ਸਰਕਾਰ ਦੇ ਮੰਤਰੀ ਅਹਿਮਦ ਹੁਸੈਨ, ਮੈਂਬਰ ਪਾਰਲੀਮੈਂਟ ਮਨਿੰਦਰ ਸਿੱਧੂ, ਐੱਮ.ਪੀ.ਪੀ. ਅਮਰਜੋਤ ਸੰਧੂ, ਰੀਜਨਲ ਕੌਂਸਲਰ ਗੁਰਪ੍ਰਤਾਪ ਸਿੰਘ ਤੂਰ ਤੇ ਨਵਜੀਤ ਕੌਰ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਵੱਲੋਂ 'ਸਿੱਖ ਹੈਰੀਟੇਜ ਡੇਅ' ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ ਗਏ। ਆਪਣੇ ਸੰਬੋਧਨਾਂ ਵਿਚ ਉਨ੍ਹਾਂ ਵੱਲੋਂ ਕਲੱਬ ਦੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ ਗਈ ਅਤੇ ਕਲੱਬ ਨੂੰ ਸਨਮਾਨ-ਪੱਤਰ ਭੇਂਟ ਕੀਤੇ ਗਏ। ਇਸ ਮੌਕੇ ਕਲੱਬ ਵੱਲੋਂ ਸੁਆਦਲੇ ਬਰੇਕ-ਫਾਸਟ ਅਤੇ ਲੰਚ ਦਾ ਪ੍ਰਬੰਧ ਕੀਤਾ ਗਿਆ ਜਿਸ ਦਾ ਸਾਰਿਆਂ ਨੇ ਮਿਲ ਕੇ ਖ਼ੂਬ ਅਨੰਦ ਮਾਣਿਆਂ। ਇਸ ਦੌਰਾਨ ਕਲੱਬ ਦੇ ਸਕੱਤਰ ਹਰਚਰਨ ਸਿੰਘ ਵੱਲੋਂ ਕਲੱਬ ਦੀ ਵਿੱਤੀ ਹਾਲਤ ਅਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਵੇਰਵਾ ਸਾਂਝਾ ਕੀਤਾ ਗਿਆ। ਅੰਤ ਵਿਚ ਕਲੱਬ ਦੇ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਅਤੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

# ਕੈਪਟਨ ਇਕਬਾਲ ਸਿੰਘ ਵਿਰਕ ਦਾ 82'ਵਾਂ ਜਨਮ-ਦਿਨ ਫਲਾਵਰ ਸਿਟੀ ਸੀਨੀਅਰਜ਼ ਸੈਂਟਰ ਵਿਖੇ ਮਨਾਇਆ



ਬਰੈਂਪਟਨ, (ਡਾ. ਝੰਡ) –ਪਿਛਲੇ ਲੰਮੇਂ ਸਮੇਂ ਤੋਂ ਬਰੈਂਪਟਨ ਵਿਚ ਵਿਚਰ ਰਹੇ ਸਮਾਜ-ਸੇਵੀ ਕੈਪਟਨ ਇਕਬਾਲ ਸਿੰਘ ਵਿਰਕ ਦਾ 82'ਵਾਂ ਜਨਮ-ਦਿਨ ਸੀਨੀਅਰਜ਼ ਕਲੱਬਾਂ ਦੇ ਮੈਂਬਰਾਂ ਦੀ ਹਾਜ਼ਰੀ ਵਿਚ ਬੀਤੇ ਦਿਨੀਂ ਫ਼ਲਾਵਰ ਸਿਟੀ ਸੀਨੀਅਰਜ਼ ਸੈਂਟਰ ਵਿਚ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਬਰੈਂਪਟਨ ਦੀਆਂ 82 ਸੀਨੀਅਰਜ਼ ਕਲੱਬਾਂ ਦੀਆਂ ਸੀਨੀਅਰਜ਼ ਕਲੱਬਾਂ, ਜਿਨ੍ਹਾਂ ਵਿਚ ਪੰਜਾਬੀਆਂ ਤੋਂ ਇਲਾਵਾ ਹੋਰ ਕਮਿਊਨਿਟੀਆਂ ਦੀਆਂ ਸੀਨੀਅਰਜ਼ ਕਲੱਬਾਂ ਵੀ ਸ਼ਾਮਲ ਹਨ, ਦੀ ਪ੍ਰਧਾਨ ਮੈਡਮ ਮਾਰੀਨਾ ਵੱਲੋਂ ਇਸ ਸਬੰਧੀ ਸੱਦਾ-ਪੱਤਰ ਭੇਜੇ ਗਏ ਸਨ। ਐਸੋਸੀਏਸ਼ਨ ਆਫ਼ ਸੀਨੀਅਰਜ਼ ਕਲੱਬਜ਼ ਆਫ਼ ਬਰੈਂਪਟਨ ਦੇ ਪ੍ਰਧਾਨ ਜੰਗੀਰ ਸਿੰਘ ਸੈਂਹਬੀ ਵੱਲੋਂ ਵੀ ਇਸ ਐਸੋਸੀਏਸ਼ਨ ਨਾਲ ਸਬੰਧਿਤ ਸੀਨੀਅਰਜ਼ ਕਲੱਬਾਂ ਨੂੰ ਇਸ ਸਮਾਗ਼ਮ ਵਿਚ ਸ਼ਾਮਲ ਹੋਣ ਲਈ ਮੈਂਬਰਾਂ ਨੂੰ ਸੁਨੇਹੇ ਭੇਜੇ ਗਏ ਜਿਸ ਦੇ ਫ਼ਲਸਰੂਪ ਵੱਡੀ ਗਿਣਤੀ ਵਿਚ ਸੀਨੀਅਰਾਂ ਨੇ ਇਸ ਸਮਾਗ਼ਮ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਹਾਲ ਵਿਚ ਲਗਾਏ ਗਏ ਮੇਜ਼-ਕੁਰਸੀਆਂ ਸਾਰੇ 'ਫੁੱਲ' ਸਨ।

ਬਰੈਂਪਟਨ ਦੇ ਮੇਅਰ ਪੈਟ੍ਰਿਕ ਬਰਾਊਨ ਦੇ ਨਿੱਜੀ ਸਹਾਇਕ ਕੁਲਦੀਪ ਸਿੰਘ ਗੋਲੀ ਉਚੇਚੇ ਤੌਰ 'ਤੇ ਇਸ ਸਮਾਗ਼ਮ ਵਿਚ ਸ਼ਾਮਲ ਹੋਏ। ਉਨ੍ਹਾਂ ਵੱਲੋਂ ਸਿਟੀ ਆਫ਼ ਬਰੈਂਪਟਨ ਵੱਲੋਂ ਵਧਾਈ ਸੰਦੇਸ਼ ਅਤੇ ਸ਼ਾਨਦਾਰ ਪਲੈਕ ਕੈਪਟਨ ਵਿਰਕ ਨੂੰ ਭੇਂਟ ਕੀਤੀ ਗਈ। ਵਾਰਡ ਨੰਬਰ ਇੱਕ ਤੇ ਪੰਜ ਦੇ ਕੌਂਸਲਰਜ਼ ਪਾਲ ਵਸੰਟੇ ਅਤੇ ਰੋਵੀਨਾ ਸੈਂਤੋਸ ਨੇ ਇਸ ਮੌਕੇ ਕੈਪਟਨ ਸਾਹਿਬ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਲੰਮੀ ਉਮਰ ਲਈ ਸ਼ੁਭ-ਇੱਛਾਵਾਂ ਦਿੱਤੀਆਂ। ਬਰੈਂਪਟਨ ਦੀਆਂ ਸੀਨੀਅਰਜ਼ ਕਲੱਬਾਂ ਦੀ ਪ੍ਰਧਾਨ ਮਾਰੀਨਾ ਅਤੇ ਗਰੇਵਾਲ ਪਰਿਵਾਰ ਦੀ ਨੂੰਹ ਨੀਤੂ ਗਰੇਵਾਲ ਵੱਲੋਂ ਕੈਪਟਨ ਵਿਰਕ ਨੂੰ ਸ਼ਾਨਦਾਰ ਸਨਮਾਨ-ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ। ਪਤਵੰਤੇ ਸੱਜਣਾਂ ਵੱਲੋਂ ਕੈਪਟਨ ਵਿਰਕ ਨੂੰ ਜਨਮ-ਦਿਨ ਦੀਆਂ ਮੁਬਾਰਕਾਂ ਪੇਸ਼ ਕੀਤੀਆਂ ਗਈਆਂ। ਇਸ ਸਮਾਗ਼ਮ ਦੀ ਇਹ ਵਿਲੱਖਣਤਾ ਸੀ ਕਿ ਇਸ ਵਿਚ ਪੰਜਾਬੀ ਕਮਿਊਨਿਟੀ ਤੋਂ ਇਲਾਵਾ ਹੋਰ ਕਮਿਊਨਿਟੀਆਂ ਦੇ ਮੈਂਬਰ ਵੀ ਹਾਜ਼ਰ ਹੋਏ ਜਿਨ੍ਹਾਂ ਵਿਚ ਕਈ ਗੋਰੇ, ਗੁਜਰਾਤੀ, ਹਿੰਦੂ ਅਤੇ ਮੁਸਲਿਮ ਵੀ ਸ਼ਾਮਲ ਸਨ।

ਇਸ ਖ਼ੁਸ਼ੀ ਭਰੇ ਮਾਹੌਲ ਵਿਚ ਕੈਪਟਨ ਵਿਰਕ ਵੱਲੋਂ ਜਨਮ-ਦਿਨ ਕੇਟ ਕੱਟਿਆ ਗਿਆ ਅਤੇ ਪਤਵੰਤੇ ਮਹਿਮਾਨਾਂ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਸਮਾਗ਼ਮ ਵਿਚ ਸ਼ਾਮਲ ਸਾਰਿਆਂ ਨੇ ਮਿਲ ਕੇ ਕੇਕ, ਮਠਿਆਈਆਂ, ਸਮੋਸਿਆਂ, ਪਕੌੜਿਆਂ ਅਤੇ ਚਾਹ-ਪਾਣੀ ਦਾ ਅਨੰਦ ਮਾਣਿਆਂ। ਇਸ ਮੌਕੇ ਜਨਮ-ਦਿਨ ਪਾਰਟੀ ਦੇ ਕੇਕ ਅਤੇ ਮਠਿਆਈ ਆਦਿ ਦਾ ਪ੍ਰਬੰਧ ਨੀਤੂ ਗਰੇਵਾਲ ਵੱਲੋਂ ਸੀ। ਸਮਾਗ਼ਮ ਦਾ ਸਮੁੱਚਾ ਪ੍ਰਬੰਧ ਐਸੋਸੀਏਸ਼ਨ ਆਫ਼ ਸੀਨੀਅਰਜ਼ ਕਲੱਬਜ਼ ਦੇ ਸਰਗ਼ਰਮ ਅਹੁਦੇਦਾਰ ਅਮਰੀਕ ਸਿੰਘ ਕੁਮਰੀਆ ਦੀ ਦੇਖ-ਰੇਖ ਵਿਚ ਕੀਤਾ ਗਿਆ। ਸਮਾਗ਼ਮ ਦੇ ਅਖ਼ੀਰ ਵਿਚ ਕੈਪਟਨ ਵਿਰਕ ਵੱਲੋਂ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਅੰਗਰੇਜ਼ੀ ਅਤੇ ਪੰਜਾਬੀ 'ਚ ਰਲਵੇਂ-ਮਿਲਵੇਂ ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ ਬੇਸ਼ਕ ਭਾਰਤ ਸਾਡੀ ਜਨਮ-ਭੂਮੀ ਹੈ ਪਰ ਹੁਣ ਅਸੀਂ ਕਨੇਡਾ ਵਿਚ ਰਹਿ ਰਹੇ ਹਾਂ। ਆਓ! ਅਸੀਂ ਮਿਲਕੇ ਕਨੇਡਾ ਨੂੰ ਹੋਰ ਉੱਚਾ ਚੁੱਕੀਏ ਅਤੇ ਇਸ ਨੂੰ ਹੋਰ ਵਧੀਆ ਤੇ ਸ਼ਾਨਦਾਰ ਮੁਲਕ ਬਣਾਈਏ।



# ਮੀਤ ਹੇਅਰ ਨੇ ਜ਼ਮੀਨੀ ਪੱਧਰ ‘ਤੇ ਖਿਡਾਰੀਆਂ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਵਿਚਲੀ ਪ੍ਰਤਿਭਾ ਨੂੰ ਤਰਾਸ਼ਣ ਉਤੇ ਦਿੱਤਾ ਜ਼ੋਰ

ਇੰਫਾਲ/ਚੰਡੀਗੜ੍ਹ, 25 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੇਸ਼ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਅੱਗੇ ਲਿਜਾਣ ਲਈ ਜ਼ਮੀਨੀ ਪੱਧਰ ਉੱਤੇ ਖਿਡਾਰੀਆਂ ਦੀ ਭਾਲ ਕਰਕੇ ਉਨ੍ਹਾਂ ਦੀ ਪ੍ਰਤਿਭਾ ਨਿਖਾਰਨ ਦੀ ਗੱਲ ਕਹੀ। ਇਸ ਦੇ ਨਾਲ ਹੀ ਸਹੀ ਪ੍ਰਤਿਭਾ ਨੂੰ ਅੱਗੇ ਲਿਆਉਣ ਲਈ ਟਰਾਇਲਾਂ ਦਾ ਦਾਇਰਾ ਅਤੇ ਸਮਾਂ ਵਧਾਉਣ ਉੱਤੇ ਵੀ ਜ਼ੋਰ ਦਿੱਤਾ।

ਮੀਤ ਹੇਅਰ ਨੇ ਇੰਫਾਲ ਵਿਖੇ ਕੇਂਦਰੀ ਖੇਡ ਮੰਤਰਾਲੇ ਤੇ ਮਨੀਪੁਰ ਸਰਕਾਰ ਵੱਲੋਂ ਦੇਸ਼ ਦੇ ਸਮੂਹ ਸੂਬਿਆਂ/ਯੂ.ਟੀਜ਼ ਦੇ ਖੇਡ ਮੰਤਰੀਆਂ ਦੀ ਕਰਵਾਈ ਜਾ ਰਹੀ ਦੋ ਰੋਜ਼ਾ ਕੌਮੀ ਕਾਨਫਰੰਸ ਦੌਰਾਨ ਬੋਲਦਿਆਂ ਵੱਖ-ਵੱਖ ਸੂਬਿਆਂ ਵੱਲੋਂ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਨਿਵੇਕਲੀਆਂ ਪਹਿਲਕਦਮੀਆਂ ਦੀ ਸ਼ਲਾਘਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਦਮਾਂ ਦਾ ਵੀ ਜ਼ਿਕਿਰ ਕੀਤਾ। ਉਨ੍ਹਾਂ ਕਿਹਾ ਕਿ ਇਕ-ਦੂਜੇ ਤੋਂ ਪ੍ਰੇਰਨਾ ਲੈ ਕੇ ਸਭ ਨੂੰ ਇਕੱਠਿਆਂ ਅੱਗੇ ਵਧਣਾ ਚਾਹੀਦਾ ਹੈ। ਇਸ ਸੈਸ਼ਨ ਦੌਰਾਨ ਕੇਂਦਰੀ ਖੇਡ ਮੰਤਰੀ ਅਨੁਰਾਗ ਠਾਕੁਰ ਨੇ ਮੀਤ ਹੇਅਰ ਵੱਲੋਂ ਚੁੱਕੇ ਮਾਮਲਿਆਂ ਦੀ ਪ੍ਰੋੜਤਾ ਕਰਦਿਆਂ ਟੇਲੈਂਟ ਹੰਟ ਪ੍ਰੋਗਰਾਮ ਨੂੰ ਹੁਲਾਰਾ ਦੇਣ ਦੀ ਗੱਲ ਕਹੀ।

ਮੀਤ ਹੇਅਰ ਨੇ ਪੰਜਾਬ ਦੇ ਅਥਲੀਟ ਅਕਸ਼ਦੀਪ ਸਿੰਘ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਜਿਹੜਾ ਅਥਲੀਟ ਫ਼ੌਜ ਵਿੱਚ ਭਰਤੀ ਕਰਨ ਲਈ ਦੌੜਨ ਆਇਆ ਸੀ, ਉਸ ਨੂੰ ਕੋਚ ਨੇ ਪਛਾਣ ਕੇ ਅਜਿਹਾ ਤਰਾਸ਼ਿਆ ਕਿ ਹੁਣ



ਓਲੰਪਿਕਸ ਲਈ ਕੁਆਲੀਫਾਈ ਹੋ ਗਿਆ। ਬਿਹਾਰ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਇੰਸਟੀਚਿਊਟ ਆਫ ਸਪੋਰਟਸ ਦੇ ਖੇਡ ਟਰਾਇਲਾਂ ਨੂੰ ਵੀ ਇਕ ਦਿਨ ਦੀ ਬਜਾਏ ਮਹੀਨਾ ਭਰ ਚਲਾਇਆ ਜਾ ਰਿਹਾ ਹੈ ਤਾਂ ਜੋ ਅਸਲ ਪ੍ਰਤਿਭਾ ਨਿੱਖਰ ਕੇ ਸਾਹ-ਮਣੇ ਆਏ।

ਖੇਡ ਮੰਤਰੀ ਨੇ ਅੱਗੇ ਕਿਹਾ ਕਿ ਓਲੰਪਿਕਸ ਸਮੇਤ ਵੱਡੇ ਖੇਡ ਮੁਕਾਬਲਿਆਂ ਦੀ ਤਿਆਰੀ ਲਈ ਜ਼ਮੀਨੀ ਪੱਧਰ ਉਤੇ ਧਿਆਨ ਦੇਣਾ ਪਵੇਗਾ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਵੱਲੋਂ ਨੈਸ਼ਨਲ ਮੈਡਲ ਜੇਤੂਆਂ ਨੂੰ ਹਾਕੀ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਸਕਾਲਰਸ਼ਿਪ ਸਕੀਮ ਤਹਿਤ ਇਕ ਸਾਲ ਲਈ 16000 ਰੁਪਏ ਪ੍ਰਤੀ ਮਹੀਨਾ ਵਜ਼ੀਫ਼ਾ ਦਿੱਤਾ ਜਾ ਰਿਹਾ ਹੈ ਜਿਸ ਨਾਲ ਖਿਡਾਰੀ ਚੰਗੇ ਪ੍ਰਦਰਸ਼ਨ ਲਈ ਮੋਟੀਵੇਟ ਹੋਣਗੇ।

ਮੀਤ ਹੇਅਰ ਨੇ ਪੰਜਾਬੀ ਖਿਡਾਰੀਆਂ ਦੀ ਪ੍ਰਤਿਭਾ ਦੀ ਗੱਲ ਕਰਦਿਆਂ ਰਾਸ਼ਟਰ-ਮੰਡਲ ਖੇਡਾਂ ਦੇ ਕੁਸ਼ਤੀ ਮੁਕਾਬਲਿਆਂ ਦੀ ਉਦਾਹਰਨ ਦਿੱਤੀ ਜਿੱਥੇ ਕੈਨੇਡਾ ਤੇ ਇੰਗਲੈਂਡ ਵੱਲੋਂ ਮੈਡਲ ਜਿੱਤਣ ਵਾਲੇ ਪਹਿਲਵਾਨ ਅਮਰਵੀਰ ਸਿੰਘ ਢੇਸੀ ਤੇ ਮਨਧੀਰ ਸਿੰਘ ਕੂਨਰ ਪੰਜਾਬੀ ਮੂਲ ਦੇ ਸਨ ਅਤੇ ਪਾਕਿਸਤਾਨ ਦਾ ਮੈਡਲ ਜੇਤੂ ਵੀ ਲਹਿੰਦੇ ਪੰਜਾਬ ਦਾ ਸੀ। ਉਨ੍ਹਾਂ ਕਿਹਾ ਕਿ ਪੰਜਾਬੀਆਂ ਵਿੱਚ ਅਥਾਹ ਸਮਰੱਥਾ ਹੈ ਅਤੇ ਸੂਬਾ ਸਰਕਾਰ ਇਸੇ ਪ੍ਰਤਿਭਾ ਦੀ ਸ਼ਨਾਖ਼ਤ ਕਰਕੇ ਉੱਭਰਦੇ ਖਿਡਾਰੀਆਂ ਨੂੰ ਮੰਚ ਮੁਹੱਈਆ ਕਰਵਾਉਣ ਲਈ ਕੰਮ ਕਰ ਰਹੀ ਹੈ।

ਸੈਸ਼ਨ ਦੀ ਸਮਾਪਤੀ ਤੋਂ ਬਾਅਦ ਖੇਡ ਮੰਤਰੀ ਮੀਤ ਹੇਅਰ ਨੇ ਨੈਸ਼ਨਲ ਸਪੋਰਟਸ ਯੂਨੀਵਰਸਿਟੀ, ਇੰਫਾਲ ਦਾ ਦੌਰਾ ਵੀ ਕੀਤਾ ਜਿੱਥੇ ਖੇਡ ਸਾਇੰਸ ਦੇ ਖੇਤਰ ਵਿੱਚ ਨਵੀਆਂ ਐਡਵਾਂਸਡ ਤਕਨੀਕਾਂ ਦੇਖੀਆਂ। ਸਪੋਰਟਸ ਸਾਇਕਾਲੋਜੀ ਲੈਬ ਵੀ ਦੇਖੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਮੁੜ ਖੇਡਾਂ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਦੇ ਲਈ ਖ਼ੁਆਬ ਨੂੰ ਪੂਰਾ ਕਰਨ ਲਈ ਸਰਕਾਰ ਨਿਰੰਤਰ ਉਪਰਾਲੇ ਕਰ ਰਹੀ ਹੈ ਅਤੇ ਜਿੱਥੋਂ ਵੀ ਕੁਝ ਨਵਾਂ ਸਿੱਖਣ ਨੂੰ ਮਿਲ ਰਿਹਾ ਹੈ, ਉੱਥੋਂ ਸਿੱਖਿਆ ਜਾ ਰਿਹਾ ਹੈ। ਇਸ ਮੌਕੇ ਖੇਡ ਵਿਭਾਗ ਦੇ ਡਾਇਰੈਕਟਰ ਅਮਿਤ ਤਲਵਾੜ ਵੀ ਹਾਜ਼ਰ ਸਨ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।












## ਲੜਕੀ ਦੀ ਲੋੜ

ਬਰੈਂਪਟਨ ’ਚ 4 ਸਾਲ ਤੋਂ ਵਰਕ ਪਰਮਿਟ ਰਿਫਿਊਜੀ ਕੇਸ ’ਤੇ ਰਹਿੰਦੇ ਜੱਟ ਸਿੱਖ, ਨਸ਼ਿਆਂ ਤੋਂ ਰਹਿਤ, ਉਮਰ 31 ਸਾਲ, ਟਰੱਕ ਡਰਾਇਵਰ ਦੀ ਜੌਬ ਕਰਦੇ ਲੜਕੇ ਲਈ ਕੈਨੇਡੀਅਨ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਬਿਨਾਂ ਬੱਚੇ ਤੋਂ ਤਲਾਕਸ਼ੁਦਾ ਲੜਕੀ ’ਤੇ ਵੀ ਵਿਚਾਰ ਕੀਤਾ ਜਾਵੇਗਾ। ਮੈਰਿਜ ਬਿਊਰੋ ਵਾਲੇ ਫੋਨ ਨਾ ਕਰਨ। ਫੋਨ: 3652284327 ਜਾਂ 4374380242 ਜਾਂ ਵਟਸਅਪ ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.









## ਲੜਕੀ ਦੀ ਲੋੜ

ਦਲਜੀਤ ਸਿੰਘ ਕੰਗ, ਉਮਰ 27 ਸਾਲ, ਕੱਦ 5 ਫੁੱਟ 9 ਇੰਚ, ਐਮਏ ਬੀਐਡ, ਬੁਕ ਰਾਈਟਰ, ਲਾਅ ਕਰ ਰਿਹਾ ਹੈ, ਚੰਗੀ ਪੜ੍ਹੀ ਲਿਖੀ ਫੈਮਿਲੀ, ਦੋ ਭੈਣਾਂ, ਦੋਵੇਂ ਵਿਆਹੀਆਂ ਹੋਈਆਂ ਹਨ, ਇਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, 7 ਕਿਲੇ ਜ਼ਮੀਨ, ਲਈ ਕੈਨੇਡਾ ਦੀ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 647-707-7107

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5’3” tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਮੁੱਖ ਮੰਤਰੀ ਵੱਲੋਂ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ ਨੂੰ ਦਰਸਾਉਂਦੀ ਕਿਤਾਬ 'ਪਹੁੰਚ' ਜਾਰੀ

*** ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਵਾਸਤੇ ਨਿਵੇਕਲੀ ਪਹਿਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਦੀ ਸ਼ਲਾਘਾ * ਹੋਰ ਡਿਪਟੀ ਕਮਿਸ਼ਨਰਾਂ ਨੂੰ ਵੀ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਅਜਿਹਾ ਵਿਲੱਖਣ ਉਪਰਾਲਾ ਕਰਨ ਲਈ ਆਖਿਆ**



ਚੰਡੀਗੜ੍ਹ, 25 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸੂਬਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੀਆਂ ਲੋਕ ਪੱਖੀ ਪਹਿਲਕਦਮੀਆਂ ਨੂੰ ਦਰਸਾਉਂਦੀ ਕਿਤਾਬ 'ਪਹੁੰਚ' ਨੂੰ ਜਾਰੀ ਕੀਤਾ।

ਡਿਪਟੀ ਕਮਿਸ਼ਨਰ ਬਰਨਾਲਾ ਪੂਨਮਦੀਪ ਕੌਰ ਦੇ ਯਤਨਾਂ ਸਦਕਾ ਤਿਆਰ ਕੀਤੀ ਗਈ ਇਸ ਪੁਸਤਕ ਨੂੰ ਰਿਲੀਜ਼ ਕਰਦਿਆਂ ਮੁੱਖ ਮੰਤਰੀ ਨੇ ਇਸ ਕਿਤਾਬ ਨੂੰ ਜ਼ਿਲ੍ਹਾ ਪ੍ਰਸ਼ਾਸਨ ਦਾ ਨਿਵੇਕਲਾ ਉਪਰਾਲਾ ਦੱਸਦਿਆਂ ਭਰਵੀਂ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੁਸਤਕ 'ਪਹੁੰਚ' ਲੋਕਾਂ ਨੂੰ ਸੂਬਾ ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ ਤੇ ਉਪਰਾਲਿਆਂ ਤੋਂ ਜਾਣੂੰ ਕਰਵਾਉਣ ਵਿਚ ਕਾਫੀ ਸਹਾਈ ਸਿੱਧ ਹੋਵੇਗੀ। ਭਗਵੰਤ ਮਾਨ ਨੇ ਕਿਹਾ ਕਿ ਇਹ ਪੁਸਤਕ ਪੰਜਾਬ ਸਰਕਾਰ ਦੇ 44 ਵਿਭਾਗਾਂ ਦੀਆਂ 285 ਸਕੀਮਾਂ ਉਚੇ ਚਾਨਣਾ ਪਾਉਂਦੀ ਹੈ, ਜਿਨ੍ਹਾਂ ਦਾ ਆਮ ਲੋਕਾਂ ਨੂੰ ਫਾਇਦਾ ਹੋ ਰਿਹਾ ਹੈ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਇਹ ਪੁਸਤਕ ਸੇਵਾ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਵਾਲੀਆਂ 400 ਸਕੀਮਾਂ ਬਾਰੇ ਵੀ ਜਾਣੂੰ ਕਰਵਾਉਂਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਕਿਤਾਬਾਂ ਮੁਫ਼ਤ ਵੰਡੀਆਂ ਜਾਣਗੀਆਂ। ਭਗਵੰਤ ਮਾਨ ਨੇ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਇਸ ਨਿਵੇਕਲੀ ਪਹਿਲਕਦਮੀ ਦੀ ਸ਼ਲਾਘਾ ਕੀਤੀ।

ਮੁੱਖ ਮੰਤਰੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਵੀ ਅਜਿਹੀ ਵਿਲੱਖਣ ਪਹਿਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਕਦਮ ਸੂਬਾ ਸਰਕਾਰ ਦੀਆਂ ਨਾਗਰਿਕ ਕੇਂਦਰਿਤ ਤੇ ਵਿਕਾਸ ਮੁਖੀ ਨੀਤੀਆਂ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਨੂੰ ਸਰਕਾਰ ਦੇ ਕੰਮਕਾਜ ਵਿੱਚ ਸਰਗਰਮ ਹਿੱਸੇਦਾਰ ਬਣਾਉਣ ਲਈ ਅਜਿਹੇ ਉਪਰਾਲੇ ਕਰਨਾ ਸਮੇਂ ਦੀ ਲੋੜ ਹੈ।

ਇਸ ਮੌਕੇ ਮੁੱਖ ਮੰਤਰੀ ਦੇ ਵਧੀਕ ਮੁੱਖ ਸਕੱਤਰ ਏ. ਵੇਨੂੰ ਪ੍ਰਸਾਦ ਅਤੇ ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਸਮੇਤ ਹੋਰ ਵੀ ਹਾਜ਼ਰ ਸਨ।

# ਕੈਪਟਨ ਅਮਰਿੰਦਰ, ਅਮਿਤ ਸ਼ਾਹ ਅਤੇ ਢੀਂਡਸਾ ਨੇ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੇ ਦਿਹਾਂਤ 'ਤੇ ਕੀਤਾ ਡੂੰਘੇ ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ, 25 ਅਪ੍ਰੈਲ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਉੱਘੇ ਸਿਆਸੀ ਆਗੂ ਅਤੇ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹਿ ਚੁੱਕੇ ਸਰਦਾਰ ਪਰਕਾਸ਼ ਸਿੰਘ ਬਾਦਲ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਦੇ ਪੁੱਤਰ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਆਪਣੇ ਸ਼ੋਕ



ਸੰਦੇਸ਼ ਵਿੱਚ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਉਹ ਇਸ ਨਾ ਪੂਰਿਆ ਜਾ ਸਕਣ ਵਾਲੇ ਘਾਟੇ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹਨ।

ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਪਰਿਵਾਰ ਲਈ ਸਗੋਂ ਪੂਰੇ ਸੂਬੇ ਅਤੇ ਸਮੁੱਚੇ ਦੇਸ਼ ਲਈ ਘਾਟਾ ਹੈ। ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਸਰਦਾਰ ਬਾਦਲ ਇੱਕ ਮਹਾਨ ਨੇਤਾ ਸਨ ਜਿਨ੍ਹਾਂ ਦਾ ਸਾਰੇ ਰਾਜਾਂ ਅਤੇ ਪਾਰਟੀ ਲਾਈਨਾਂ ਵਿੱਚ ਸਤਿਕਾਰ ਸੀ। ਉਸ ਦੀ ਅਣਹੋਂਦ ਲੰਬੇ ਸਮੇਂ ਤੱਕ ਮਹਿਸੂਸ ਕੀਤੀ ਜਾਵੇਗੀ ਅਤੇ ਪੈਦਾ ਹੋਈ ਖਾਲੀ ਥਾਂ ਨੂੰ ਭਰਨਾ ਮੁਸ਼ਕਲ ਹੋਵੇਗਾ।

## ਪ੍ਰਕਾਸ਼ ਸਿੰਘ ਬਾਦਲ ਦੇ ਚਲੇ ਜਾਣ ਨਾਲ ਸਿੱਖ ਪੰਥ, ਦੇਸ਼ ਅਤੇ ਪੰਜਾਬ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ : ਸੁਖਦੇਵ ਸਿੰਘ ਢੀਂਡਸਾ


ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਅਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸ: ਪ੍ਰਕਾਸ਼ ਸਿੰਘ ਬਾਦਲ ਦੇ ਇਸ ਜਹਾਨ ਤੋਂ ਚਲੇ ਜਾਣ ਨਾਲ ਸਿੱਖ ਪੰਥ, ਦੇਸ਼ ਅਤੇ ਪੰਜਾਬ ਨੂੰ ਵੱਡਾ ਘਾਟਾ ਪਿਆ ਹੈ। ਜਿਸ ਦੀ ਭਰਭਾਈ ਕਦੇ ਨਹੀ ਹੋ ਸਕਦੀ ਹੈ।



ਆਪਣੇ ਸ਼ੋਕ ਸੰਦੇਸ਼ ਵਿਚ ਸ: ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਅਕਾਲੀ ਦਲ ਨੂੰ ਵੱਖਰੀ ਹੋਂਦ ਦੀ ਕਾਇਮੀ ਅਤੇ ਮੁਲਕ ਵਿਚ ਖੇਤਰੀ ਪਾਰਟੀਆਂ ਨੂੰ ਸ਼ਕਤੀਸ਼ਾਲੀ ਕਰਨ ਦੇ ਮੁੱਦਈ ਰਹੇ ਹਨ ਅਤੇ ਉਹ ਸਭ ਤੋਂ ਸ਼ਕਤੀਸ਼ਾਲੀ ਸਿੱਖ ਨੇਤਾ ਦੇ ਰੂਪ ਵਿਚ ਦੁਨੀਆ ਭਰ ਵਿਚ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਨਾਲ ਉਨ੍ਹਾਂ ਨੇ ਆਪਣੀ ਜਿੰਦਗੀ ਦਾ ਲੰਬਾ ਸਮਾਂ ਬਤੀਤ ਕੀਤਾ ਹੈ ਅਤੇ ਇਸ ਦੌਰਾਨ ਉਨ੍ਹਾਂ ਨਾਲ ਕਈ ਮਿੱਠੀਆਂ ਅਤੇ ਕੌੜੀਆਂ ਯਾਦਾਂ ਵੀ ਹਨ। ਉਨ੍ਹਾਂ ਪੁਰਾਣੇ ਦਿਨ ਯਾਦ ਕਰਦਿਆਂ ਕਿਹਾ ਕਿ ਅਸੀ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਇਕੱਠਿਆਂ ਲੰਬਾਂ ਸਮਾਂ ਜੇਲ੍ਹਾਂ ਵੀ ਕੱਟੀਆਂ ਅਤੇ ਕਈਂ ਸੰਘਰਸ਼ ਵੀ ਇੱਕਠੇ ਲੜੇ। ਉਨ੍ਹਾਂ ਪੰਜਾਬੀ ਸੂਬਾ ਮੋਰਚਾ, ਕਪੂਰੀ ਮੋਰਚਾ ਅਤੇ ਧਰਮ ਯੁੱਧ ਮੋਰਚਿਆਂ ਵਿਚ ਸਰਗਰਮੀ ਨਾਲ ਸ਼ਮੂਲੀਅਤ ਕੀਤੀ। ਢੀਂਡਸਾ ਨੇ ਕਿਹਾ ਕਿ ਬਾਦਲ ਦੇ ਵਿਰੋਧੀ ਵੀ ਉਨ੍ਹਾਂ ਦੀ ਠਰ੍ਹਮੇ ਤੇ ਗਹਿਰਾਈ ਵਾਲੀ ਸਿਆ-ਸਤ ਦੇ ਕਾਇਲ ਸਨ ਅਤੇ ਆਪਣੇ ਇਨ੍ਹਾਂ ਗੁਣਾਂ ਕਰਕੇ ਹੀ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਬਣੇ ਅਤੇ 1996 ਤੋਂ 2008 ਤੱਕ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਵੀ ਕੰਮ ਕਰਦੇ ਰਹੇ। ਸ: ਢੀਂਡਸਾ ਨੇ ਕਿਹਾ ਕਿ ਸ: ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ ਨਾਲ ਭਾਰਤੀ ਰਾਜਨੀਤੀ ਦੇ ਇਕ ਅਜਿਹੇ ਯੁਗ ਦਾ ਅੰਤ ਹੋ ਗਿਆ ਹੈ। ਜਿਸ ਨੇ ਭਾਰਤ ਦੀ ਅਜ਼ਾਦੀ ਤੋਂ ਲੈ ਕੇ ਇਸ ਸੱਦੀ ਦੇ ਹਰ ਬਦਲਾਅ ਨੂੰ ਬਹੁਤ ਨੇੜੇ ਤੋਂ ਵੇਖਿਆ ਹੈ। ਵਾਹਿਗੁਰੂ ਅੱਗੇ ਅਰਦਾਸ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਸਦੀਵੀ ਨਿਵਾਸ ਬਖ਼ਸ਼ੇ।

## ਪ੍ਰਕਾਸ਼ ਸਿੰਘ ਬਾਦਲ ਦਾ ਦਿਹਾਂਤ ਭਾਰਤੀ ਰਾਜਨੀਤੀ ਲਈ ਨਾ ਪੂਰਾ ਹੋਣ ਵਾਲਾ ਘਾਟਾ : ਅਮਿਤ ਸ਼ਾਹ

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਦਿਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ . ਅਮਿਤ ਸ਼ਾਹ ਨੇ ਟਵੀਟ ਕਰਦਿਆਂ ਲਿਖਿਆ ਕਿ ਸੀਨੀਅਰ ਆਗੂ ਪ੍ਰਕਾਸ਼ ਸਿੰਘ ਬਾਦਲ ਸਾਹਿਬ ਦੇ ਅਕਾਲ ਚਲਾਣੇ ਨਾਲ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ ਹੈ। ਉਨ੍ਹਾਂ ਦਾ ਕਈ ਦਹਾਕਿਆਂ ਦਾ ਜੀਵਨ ਗਰੀਬਾਂ ਦੀ ਭਲਾਈ ਲਈ ਸਮਰਪਿਤ ਸੀ। ਉਨ੍ਹਾਂ ਦਾ ਦਿਹਾਂਤ ਭਾਰਤੀ ਰਾਜਨੀਤੀ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਮੇਰੀ ਦਿਲੀ ਸੰਵੇਦਨਾ ਉਨ੍ਹਾਂ ਦੇ ਪਰਿਵਾਰ ਅਤੇ ਸਮਰਥਕਾਂ ਦੇ ਨਾਲ ਹੈ।



ਉਨ੍ਹਾਂ ਨੇ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਸਾਹਬ ਨੂੰ ਕਈ ਵਾਰ ਮਿਲਣ ਦਾ ਸੁਭਾਗ ਪ੍ਰਾਪਤ ਹੋਇਆ। ਉਨ੍ਹਾਂ ਦਾ ਵਿਲੱਖਣ ਰਾਜਨੀਤਿਕ ਅਨੁਭਵ ਜਨਤਕ ਜੀਵਨ ਵਿੱਚ ਬਹੁਤ ਮਦਦਗਾਰ ਰਿਹਾ ਅਤੇ ਉਨ੍ਹਾਂ ਦੀਆਂ ਗਲਾਂ ਸੁਣ ਕੇ ਹਮੇਸ਼ਾ ਆਨੰਦ ਦੀ ਪ੍ਰਾਪਤੀ ਹੁੰਦੀ ਸੀ। ਉਨ੍ਹਾਂ ਨਾਲ ਮਿਲਣ ਦੀਆਂ ਯਾਦਾਂ ਹਮੇਸ਼ਾ ਮੇਰੇ ਨਾਲ ਰਹਿਣਗੀਆਂ। ਓਮ ਸ਼ਾਂਤੀ ਸ਼ਾਂਤੀ ਸ਼ਾਂਤੀ।

# 'ਆਪ੍ਰੇਸ਼ਨ ਕਾਵੇਰੀ' ਰਾਹੀਂ ਸੂਡਾਨ 'ਚ ਫਸੇ ਭਾਰਤੀਆਂ ਨੂੰ ਕੱਢਿਆ ਜਾ ਰਿਹਾ

ਖਾਰਟੋਮ, 25 ਅਪ੍ਰੈਲ (ਪੋਸਟ ਬਿਊਰੋ): ਅਫਰੀਕੀ ਦੇਸ਼ ਸੂਡਾਨ ਦੋ ਜਰਨੈਲਾਂ ਦੀ ਲੜਾਈ ਵਿੱਚ ਸੜ ਰਿਹਾ ਹੈ। ਹੁਣ ਤੱਕ 400 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ। ਸੈਂਕੜੇ ਜ਼ਖਮੀ ਹਨ। ਭਾਰਤ ਨੇ ਖਾਨਾਜੰਗੀ ਦੀ ਅੱਗ ਵਿੱਚ ਸੜ ਰਹੇ ਸੂਡਾਨ ਵਿੱਚ ਫਸੇ ਭਾਰਤੀਆਂ ਨੂੰ ਕੱਢਣ ਲਈ 'ਆਪ੍ਰੇਸ਼ਨ ਕਾਵੇਰੀ' ਸ਼ੁਰੂ ਕੀਤਾ ਹੈ।



ਵਿਦੇਸ਼ ਮੰਤਰੀ ਡਾ: ਐੱਸ. ਜੈਸ਼ੰਕਰ ਨੇ ਸੋਮਵਾਰ ਨੂੰ ਟਵੀਟ ਕੀਤਾ ਕਿ ਸੂਡਾਨ 'ਚ ਫਸੇ ਭਾਰਤੀਆਂ ਨੂੰ ਸੁਰੱਖਿਅਤ ਕੱਢਣ ਲਈ 'ਆਪਰੇਸ਼ਨ ਕਾਵੇਰੀ' ਚੱਲ ਰਿਹਾ ਹੈ। ਕਰੀਬ 500 ਭਾਰਤੀ ਪੋਰਟ ਸੁਡਾਨ ਪਹੁੰਚ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਾਡੇ ਜਹਾਜ਼ ਅਤੇ ਜਹਾਜ਼ ਭਾਰਤੀਆਂ ਨੂੰ ਉਥੋਂ ਵਾਪਸ ਲਿਆਉਣ ਲਈ ਤਿਆਰ ਹਨ। ਸੂਡਾਨ 'ਚ ਫੌਜ ਅਤੇ ਨੀਮ ਫੌਜੀ ਬਲਾਂ ਵਿਚਾਲੇ ਲਗਭਗ ਦੋ ਹਫਤਿਆਂ ਤੋਂ ਜੰਗ ਚੱਲ ਰਹੀ ਹੈ। ਇਸ ਕਾਰਨ ਆਮ ਲੋਕ ਪ੍ਰੇਸ਼ਾਨ ਹਨ। ਭਾਰਤ ਦੇ ਵਿਦੇਸ਼ ਮੰਤਰਾਲੇ ਮੁਤਾਬਕ ਤਿੰਨ ਹਜ਼ਾਰ ਤੋਂ ਵੱਧ ਭਾਰਤੀ ਸੁਡਾਨ ਵਿੱਚ ਫਸੇ ਹੋਏ ਹਨ।

ਭਾਰਤ ਸੰਕਟਗ੍ਰਸਤ ਦੇਸ਼ਾਂ ਵਿੱਚ ਫਸੇ ਆਪਣੇ ਨਾਗਰਿਕਾਂ ਨੂੰ ਕੱਢਣ ਲਈ ਇਸ ਤਰ੍ਹਾਂ ਦੀਆਂ ਕਾਰਵਾਈਆਂ ਸ਼ੁਰੂ ਕਰਦਾ ਹੈ। ਜਦੋਂ ਤਾਲਿਬਾਨ ਨੇ ਅਫਗਾਨਿਸਤਾਨ 'ਤੇ ਕਬਜ਼ਾ ਕਰ ਲਿਆ ਸੀ ਤਾਂ ਭਾਰਤ ਨੇ ਆਪਣੇ ਚਹੇਤਿਆਂ ਨੂੰ ਉੱਥੋਂ ਕੱਢਣ ਲਈ 'ਆਪ੍ਰੇਸ਼ਨ ਦੇਵੀ ਸ਼ਕਤੀ' ਚਲਾਇਆ ਸੀ। ਇਸੇ ਤਰ੍ਹਾਂ ਪਿਛਲੇ ਸਾਲ ਜਦੋਂ ਰੂਸ ਨੇ ਯੂਕਰੇਨ ਵਿਰੁੱਧ ਜੰਗ ਸ਼ੁਰੂ ਕੀਤੀ ਸੀ ਤਾਂ ਭਾਰਤ ਨੇ ਉਥੇ ਫਸੇ ਭਾਰਤੀਆਂ ਨੂੰ ਕੱਢਣ ਲਈ 'ਆਪ੍ਰੇਸ਼ਨ ਗੰਗਾ' ਸ਼ੁਰੂ ਕੀਤਾ ਸੀ। ਹੁਣ ਜਦੋਂ ਸੂਡਾਨ ਵਿੱਚ ਹਾਲਾਤ ਵਿਗੜਦੇ ਜਾ ਰਹੇ ਹਨ ਤਾਂ ਉੱਥੇ ਰਹਿ ਰਹੇ ਭਾਰਤੀਆਂ ਨੂੰ ਸੁਰੱਖਿਅਤ ਕੱਢਣ ਲਈ ਕੇਂਦਰ ਸਰਕਾਰ ਨੇ 'ਆਪ੍ਰੇਸ਼ਨ ਕਾਵੇਰੀ' ਸ਼ੁਰੂ ਕੀਤਾ ਹੈ।

# ਨਾਬਾਲਗ ਦੀ ਮੌਤ ਤੋਂ ਬਾਅਦ ਕਾਲੀਆਗੰਜ ਵਿਚ ਪ੍ਰਦਰਸ਼ਨਕਾਰੀਆਂ ਨੇ ਲਗਾਈ ਪੁਲਸ ਸਟੇਸ਼ਨ ਨੂੰ ਅੱਗ

ਕਲਕੱਤਾ, 25 ਅਪ੍ਰੈਲ (ਪੋਸਟ ਬਿਊਰੋ): ਪੱਛਮੀ ਬੰਗਾਲ ਦੇ ਉੱਤਰੀ ਦਿਨਾਜਪੁਰ ਜ਼ਿਲੇ ਦੇ ਕਾਲੀਆਗੰਜ ਪੁਲਸ ਸਟੇਸ਼ਨ ਨੂੰ ਮੰਗਲਵਾਰ ਦੁਪਹਿਰ ਨੂੰ ਪ੍ਰਦਰਸ਼ਨਕਾਰੀਆਂ ਨੇ ਅੱਗ ਲਗਾ ਦਿੱਤੀ। ਨਾਬਾਲਗ ਲੜਕੀ ਦੀ ਮੌਤ ਤੋਂ ਨਾਰਾਜ਼ ਭੀੜ ਨੇ ਇਹ ਕਦਮ ਚੁੱਕਿਆ। ਇਸ ਘਟਨਾ ਨੂੰ ਲੈ ਕੇ ਕੁਝ ਦਿਨ ਪਹਿਲਾਂ ਵੀ ਲੋਕਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ ਸੀ।



ਅੱਗਜ਼ਨੀ ਦੀ ਘਟਨਾ ਤੋਂ ਬਾਅਦ ਕਾਲੀਆਗੰਜ ਥਾਣੇ ਦੇ ਆਲੇ-ਦੁਆਲੇ ਵੱਡੀ ਗਿਣਤੀ 'ਚ ਪੁਲਸ ਬਲ ਤਾਇਨਾਤ ਕਰ ਦਿੱਤਾ ਗਿਆ ਹੈ। ਇਹ ਘਟਨਾ ਮੰਗਲਵਾਰ ਨੂੰ ਉਦੋਂ ਵਾਪਰੀ ਜਦੋਂ ਰਾਏਗੰਜ 'ਚ ਭਾਜਪਾ ਵਲੋਂ ਆਯੋਜਿਤ ਪ੍ਰਦਰਸ਼ਨ ਦੌਰਾਨ ਲੋਕ ਪੁਲਸ ਸੁਪਰਡੈਂਟ ਆਫਿਸ ਦਾ ਘੇਰਾਬੰਦੀ ਕਰਨ ਪਹੁੰਚੇ।

ਹੁਣ ਬੱਚੀ ਦੀ ਮੌਤ ਅਤੇ ਥਾਣੇ ਨੂੰ ਅੱਗ ਲਾਉਣ ਦੀ ਘਟਨਾ ਨੂੰ ਲੈ ਕੇ ਸਿਆਸਤ ਵੀ ਤੇਜ਼ ਹੋ ਗਈ ਹੈ। ਤ੍ਰਿਣਮੂਲ ਕਾਂਗਰਸ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਹਿੰਸਾ ਭੜਕਾਉਣ ਦਾ ਦੋਸ਼ ਲਗਾ ਰਹੀ ਹੈ। ਟੀਐਮਸੀ ਭਾਜਪਾ 'ਤੇ ਬਲਾਤਕਾਰ ਅਤੇ ਕਤਲ ਦਾ ਮਾਮਲਾ ਦੱਸ ਕੇ ਗੁੱਸਾ ਭੜਕਾਉਣ ਦਾ ਦੋਸ਼ ਵੀ ਲਾ ਰਹੀ ਹੈ, ਜਦਕਿ ਇਹ ਸਾਰਾ ਮਾਮਲਾ ਜ਼ਹਿਰ ਦਾ ਹੈ। ਟੀਐਮਸੀ ਭਾਜਪਾ ਨੇਤਾਵਾਂ 'ਤੇ ਨਬਾਲਗ ਦੀ ਮੰਦਭਾਗੀ ਮੌਤ 'ਤੇ ਝੂਠੇ ਬਿਆਨ ਦੇਣ ਦਾ ਦੋਸ਼ ਵੀ ਲਗਾ ਰਹੀ ਹੈ।

ਪੱਛਮੀ ਬੰਗਾਲ ਦੇ ਉੱਤਰੀ ਦਿਨਾਜਪੁਰ ਜ਼ਿਲੇ ਦੇ ਰਾਏਗੰਜ 'ਚ ਮੰਗਲਵਾਰ ਨੂੰ ਭਾਜਪਾ ਵੱਲੋਂ ਜ਼ਿਲੇ ਦੇ ਪੁਲਸ ਸੁਪਰਡੈਂਟ ਦਫਤਰ ਦਾ ਘਿਰਾਓ ਕਰਨ ਲਈ ਕੀਤੇ ਗਏ ਪ੍ਰਦਰਸ਼ਨ ਦੌਰਾਨ ਹਿੰਸਾ ਭੜਕ ਗਈ। ਅਮਨ-ਕਾਨੂੰਨ ਦੀ ਬਹਾਲੀ ਲਈ ਪੁਲਿਸ ਨੇ ਪੱਥਰਬਾਜ਼ਾਂ ਨੂੰ ਕਾਬੂ ਕਰਨ ਲਈ ਅੱਥਰੂ ਗੈਸ ਦੇ ਗੋਲੇ ਛੱਡੇ ਅਤੇ ਲਾਠੀਚਾਰਜ ਵੀ ਕੀਤਾ।

# ਯੂਕੇ ਵਿੱਚ ਗੈਰ-ਕਾਨੂੰਨੀ ਕੰਮਾਂ ਵਿਰੁੱਧ ਚੱਲੀ ਮੁਹਿੰਮ, ਭਾਰਤੀ ਡਿਲੀਵਰੀ ਡਰਾਈਵਰ ਗ੍ਰਿਫ਼ਤਾਰ

ਲੰਡਨ, 25 ਅਪ੍ਰੈਲ (ਪੋਸਟ ਬਿਊਰੋ): ਯੂਕੇ ਵਿੱਚ ਫੂਡ ਸਪਲਾਈ ਕੰਪਨੀਆਂ ਲਈ ਗੈਰ-ਕਾਨੂੰਨੀ ਤੌਰ 'ਤੇ ਕੰਮ ਕਰਨ ਲਈ 60 ਮੋਪੇਡ ਡਿਲੀਵਰੀ ਡਰਾਈਵਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਵਿੱਚ ਕਈ ਭਾਰਤੀ ਸ਼ਾਮਲ ਹਨ। ਇਹ ਕਾਰਵਾਈ ਗੈਰ-ਕਾਨੂੰਨੀ ਪਰਵਾਸ ਦੇ ਖਿਲਾਫ ਇਕ ਹਫਤੇ ਤੋਂ ਚੱਲੀ ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਹੈ। ਬ੍ਰਿਟੇਨ ਸਰਕਾਰ ਨੇ ਇਹ ਜਾਣਕਾਰੀ ਦਿੱਤੀ ਹੈ। ਗ੍ਰਿਫਤਾਰ ਕੀਤੇ ਗਏ ਡਿਲੀਵਰੀ ਡਰਾਈਵਰਾਂ ਵਿੱਚ ਭਾਰਤੀਆਂ ਤੋਂ ਇਲਾਵਾ ਬ੍ਰਾਜ਼ੀਲ ਅਤੇ ਅਲਜੀਰੀਆ ਦੇ ਲੋਕ ਵੀ ਸ਼ਾਮਲ ਹਨ। ਉਨ੍ਹਾਂ ਨੂੰ ਗੈਰ-ਕਾਨੂੰਨੀ ਕੰਮ ਕਰਨ ਅਤੇ ਜਾਅਲੀ ਦਸਤਾਵੇਜ਼ ਰੱਖਣ ਸਮੇਤ ਹੋਰ ਅਪਰਾਧਾਂ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ।



ਬ੍ਰਿਟੇਨ ਦੇ ਗ੍ਰਹਿ ਵਿਭਾਗ ਨੇ ਮੰਗਲਵਾਰ ਨੂੰ ਤਾਜ਼ਾ ਅੰਕੜੇ ਜਾਰੀ ਕਰਦੇ ਹੋਏ ਦਾਅਵਾ ਕੀਤਾ ਕਿ ਭਾਰਤੀ ਹੁਣ ਛੋਟੀਆਂ ਕਿਸ਼ਤੀਆਂ 'ਤੇ ਗੈਰ-ਕਾਨੂੰਨੀ ਤਰੀਕੇ ਨਾਲ ਇੰਗਲਿਸ਼ ਚੈਨਲ ਪਾਰ ਕਰਨ ਵਾਲੇ ਪ੍ਰਵਾਸੀਆਂ ਦਾ ਦੂਜਾ ਸਭ ਤੋਂ ਵੱਡਾ ਸਮੂਹ ਹੈ। ਇਸ ਸਾਲ ਜਨਵਰੀ ਤੋਂ ਮਾਰਚ ਦਰਮਿਆਨ 675 ਦਾ ਅੰਕੜਾ ਦਰਜ ਕੀਤਾ ਗਿਆ ਹੈ।

ਗ੍ਰਹਿ ਮਾਮਲਿਆਂ ਬਾਰੇ ਮੰਤਰੀ ਸੁਏਲਾ ਬ੍ਰੇਵਰਮੈਨ ਨੇ ਕਿਹਾ ਕਿ ਗੈਰ-ਕਾਨੂੰਨੀ ਕੰਮ ਸਾਡੇ ਭਾਈਚਾਰਿਆਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਇਮਾਨਦਾਰ ਕਰਮਚਾਰੀਆਂ ਨੂੰ ਰੁਜ਼ਗਾਰ ਤੋਂ ਵਾਂਝਾ ਕਰਦਾ ਹੈ ਅਤੇ ਜਨਤਕ ਖਜ਼ਾਨੇ ਨੂੰ ਧੋਖਾ ਦਿੰਦਾ ਹੈ। ਭਾਰਤੀ ਮੂਲ ਦੇ ਮੰਤਰੀ ਨੇ ਕਿਹਾ, ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਕਿਹਾ ਹੈ ਕਿ ਅਸੀਂ ਆਪਣੇ ਕਾਨੂੰਨਾਂ ਅਤੇ ਸਰਹੱਦਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਹੋਰ ਤੇਜ਼ੀ ਨਾਲ ਅੱਗੇ ਵਧਣ ਲਈ ਦ੍ਰਿੜ ਹਾਂ।

ਬ੍ਰੇਵਰਮੈਨ ਨੇ ਕਿਹਾ ਕਿ ਬ੍ਰਿਟਿਸ਼ ਜਨਤਾ ਇੱਕ ਲੇਬਰ ਮਾਰਕੀਟ ਦੀ ਹੱਕਦਾਰ ਹੈ ਜੋ ਨਿਰਪੱਖ ਅਤੇ ਇਮਾਨਦਾਰ ਹੈ, ਅਤੇ ਵਿਸ਼ਵਾਸ ਹੈ ਕਿ ਉਹ ਜੋ ਸਾਮਾਨ ਅਤੇ ਸੇਵਾਵਾਂ ਖਰੀਦਦੇ ਹਨ, ਜਾਇਜ਼ ਕਾਰੋਬਾਰਾਂ ਤੋਂ ਹਨ। "ਸਾਡੀਆਂ ਇਨਫੋਰਸਮੈਂਟ ਟੀਮਾਂ ਇਮੀਗ੍ਰੇਸ਼ਨ ਅਪਰਾਧ ਨੂੰ ਰੋਕਣ ਅਤੇ ਜਨਤਕ ਸੁਰੱਖਿਆ ਨਾਲ ਸਮਝੌਤਾ ਕਰਨ ਵਾਲੇ ਵਿਵਹਾਰ ਨੂੰ ਬਦਲਣ ਲਈ ਚੌਵੀ ਘੰਟੇ ਕੰਮ ਕਰ ਰਹੀਆਂ ਹਨ।

## ਗੁਜਰਾਤ ਏਟੀਐਸ ਨੇ ਲਾਰੈਂਸ ਬਿਸ਼ਨੋਈ ਦੀ ਲਈ ਕਸਟਡੀ, ਨਲੀਆ ਅਦਾਲਤ 'ਚ ਕੀਤਾ ਜਾਵੇਗਾ ਪੇਸ਼

ਗਾਂਧੀਨਗਰ, 25 ਅਪ੍ਰੈਲ (ਪੋਸਟ ਬਿਊਰੋ): ਗੁਜਰਾਤ ਏਟੀਐਸ ਨੇ ਸੋਮਵਾਰ ਨੂੰ ਪਟਿਆਲਾ ਹਾਊਸ ਕੋਰਟ ਤੋਂ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਕਸਟਡੀ ਲੈ ਲਈ। ਏਟੀਐਸ ਨੇ 2022 ਵਿੱਚ ਵੱਡੀ ਮਾਤਰਾ ਵਿੱਚ 500 ਕਰੋੜ ਰੁਪਏ ਦੀ ਹੈਰੋਇਨ ਬਰਾਮਦ ਕੀਤੀ ਸੀ ਅਤੇ 6 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਨਸ਼ਿਆਂ ਦੇ ਇਸ ਮਾਮਲੇ ਵਿੱਚ ਪਾਕਿਸਤਾਨੀ ਕੁਨੈਕਸ਼ਨ ਵੀ ਸਾਹਮਣੇ ਆਇਆ ਸੀ।

ਇਸ ਮਾਮਲੇ ਵਿੱਚ ਗੁਜਰਾਤ ਏਟੀਐਸ ਲਾਰੈਂਸ ਬਿਸ਼ਨੋਈ ਤੋਂ ਪੁੱਛਗਿੱਛ ਕਰਨਾ ਚਾਹੁੰਦੀ ਹੈ, ਜਿਸ ਲਈ ਏਟੀਐਸ ਨੇ ਉਸ ਦਾ ਟਰਾਂਜ਼ਿਟ ਰਿਮਾਂਡ ਲਿਆ ਹੈ। ਗੁਜਰਾਤ ਏਟੀਐਸ ਲਾਰੈਂਸ ਬਿਸ਼ਨੋਈ ਨੂੰ ਮੰਗਲਵਾਰ ਸਵੇਰੇ ਕੱਚੀ ਨਲੀਆ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਵੇਗੀ।

ਦੱਸ ਦਈਏ ਕਿ ਇਸ ਤੋਂ ਇਕ ਹਫਤਾ ਪਹਿਲਾਂ ਏਟੀਐਸ ਨੇ ਲਾਰੈਂਸ ਬਿਸ਼ਨੋਈ ਨੂੰ 7 ਦਿਨਾਂ ਦੇ ਰਿਮਾਂਡ 'ਤੇ ਲਿਆ ਸੀ। ਪਟਿਆਲਾ ਹਾਊਸ ਕੋਰਟ ਨੇ ਇਹ ਰਿਮਾਂਡ ਦਿੱਤਾ ਸੀ। ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਭਾਵ ਐਨਆਈਏ ਨੇ ਪਿਛਲੇ ਸਾਲ ਦਸੰਬਰ ਵਿੱਚ ਕੇਸ ਦਰਜ ਕੀਤਾ ਸੀ ਜਿਸ ਦੀ ਜਾਂਚ ਲਈ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਰਿਮਾਂਡ ਮੰਗਿਆ ਗਿਆ ਸੀ। ਐਨਆਈਏ ਐਫਆਈਆਰ ਵੇਰਵੇ ਦਿੰਦੀ ਹੈ ਕਿ ਕਿਵੇਂ ਅੱਤਵਾਦੀ ਸੰਗਠਨ ਅੰਤਰਰਾਸ਼ਟਰੀ ਅਤੇ ਅੰਤਰ-ਰਾਜੀ ਸਰਹੱਦਾਂ ਰਾਹੀਂ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਤਸਕਰੀ ਕਰਨ ਲਈ ਸੰਗਠਿਤ ਅਪਰਾਧ ਸਿੰਡੀਕੇਟ ਦੀ ਵਰਤੋਂ ਕਰ ਰਹੇ ਹਨ।







